ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਬੁੱਧਵਾਰ, 27 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੧੩ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਨਗਰ ਨਿਗਮ ਤੇ ਕੌਂਸਲ ਚੋਣਾਂ ਲਈ ਵੋਟਿੰਗ ਪ੍ਰਕਿਰਿਆ ਖ਼ਤਮ



**ਚੰਡੀਗੜ੍ਹ, 26 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਨਗਰ ਨਿਗਮਾਂ ਅਤੇ ਨਗਰ ਕੌਂਸਲ ਦੀਆਂ ਚੋਣਾਂ ਨੂੰ ਲੈ ਕੇ ਵੋਟਾਂ ਪੈਣ ਦਾ ਕੰਮ ਖ਼ਤਮ ਹੋ ਚੁੱਕਾ ਹੈ। ਇਹ ਵੋਟਿੰਗ ਸਵੇਰੇ 8 ਵਜੇ ਤੋਂ ਸ਼ੁਰੂ ਹੋਈ ਸੀ, ਜੋ ਕਿ ਸ਼ਾਮ ਦੇ 5 ਵਜੇ ਤੱਕ ਚੱਲੀ। ਵੋਟਾਂ ਪਾਉਣ ਨੂੰ ਲੈ ਕੇ ਤਪਦੀ ਗਰਮੀ ਦੇ ਬਾਵਜੂਦ ਵੀ ਵੋਟਰਾਂ 'ਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਮਿਲਿਆ। ਲੋਕ ਸਵੇਰ ਤੋਂ ਹੀ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪੋਲਿੰਗ ਬੂਥਾਂ 'ਤੇ ਪੁੱਜਣਾ ਸ਼ੁਰੂ ਹੋ ਗਏ ਸਨ। ਤਿੱਖੀ ਗਰਮੀ ਦੇ ਬਾਵਜੂਦ ਵੋਟਰਾਂ ਦੇ ਹੌਂਸਲੇ 'ਚ ਕੋਈ ਕਮੀ ਨਹੀਂ ਦਿਖਾਈ ਦਿੱਤੀ ਅਤੇ ਔਰਤਾਂ, ਨੌਜਵਾਨਾਂ ਤੇ ਬਜ਼ੁਰਗ ਵੀ ਵੱਡੀ ਗਿਣਤੀ 'ਚ ਵੋਟਿੰਗ ਵਿੱਚ ਹਿੱਸਾ ਲਿਆ। ਹਾਲਾਂਕਿ ਕਈ ਥਾਵਾਂ 'ਤੇ ਝੜਪਾਂ ਵੀ ਹੋਈਆਂ ਅਤੇ ਕਈ ਇਲਾਕਿਆਂ 'ਚ ਜਾਅਲੀ ਵੋਟਾਂ ਨੂੰ ਲੈ ਕੇ ਵੀ ਸਵਾਲ ਉੱਠੇ। ਇਸ ਦੇ ਬਾਵਜੂਦ ਪੰਜਾਬ ਭਰ 'ਚ ਵੋਟਿੰਗ ਪ੍ਰਕਿਰਿਆ ਦਾ ਕੰਮ ਅਮਨ-ਸ਼ਾਂਤੀ ਨਾਲ ਨਿੱਬੜ ਗਿਆ। ਇਨ੍ਹਾਂ ਵੋਟਾਂ ਦੀ ਗਿਣਤੀ 29 ਮਈ ਨੂੰ ਕੀਤੀ ਜਾਵੇਗੀ।

## ਸੀਬੀਆਈ ਨੇ ਹਾਈਕੋਰਟ 'ਚ ਦਾਖਲ ਕੀਤਾ ਜਵਾਬ

# 'ਜੇ ਪੈਰੋਲ ਮਿਲੀ ਤਾਂ ਫ਼ਰਾਰ ਹੋ ਸਕਦਾ ਹੈ ਜਗਤਾਰ ਸਿੰਘ ਹਵਾਰਾ'

**ਚੰਡੀਗੜ੍ਹ, 26 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ-ਹਰਿਆਣਾ ਹਾਈਕੋਰਟ 'ਚ ਮੰਗਲਵਾਰ ਸੀਬੀਆਈ ਨੇ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਸਬੰਧੀ ਜਵਾਬ ਦਾਇਰ ਕੀਤਾ, ਜਿਸ ਵਿੱਚ ਹਵਾਰਾ ਦੀ ਰਿਹਾਈ ਦਾ ਵਿਰੋਧ ਕੀਤਾ ਗਿਆ। ਏਜੰਸੀ ਨੇ ਕਿਹਾ ਕਿ ਜੇਕਰ ਹਵਾਰਾ ਨੂੰ ਪੈਰੋਲ ਦਿੱਤੀ ਜਾਂਦੀ ਹੈ, ਤਾਂ ਇਸ ਗੱਲ ਦਾ ਪੱਕਾ ਖਦਸ਼ਾ ਹੈ ਕਿ ਉਹ ਫਰਾਰ ਹੋ ਸਕਦਾ ਹੈ ਅਤੇ ਅੱਤਵਾਦੀ ਸੰਗਠਨ, ਬੱਬਰ ਖਾਲਸਾ ਇੰਟਰਨੈਸ਼ਨਲ ਵਿੱਚ ਦੁਬਾਰਾ ਸ਼ਾਮਲ ਹੋ ਸਕਦਾ ਹੈ। ਹਵਾਰਾ ਦੀ ਪੈਰੋਲ ਪਟੀਸ਼ਨ ਦਾ ਵਿਰੋਧ ਕਰਦਿਆਂ ਸੀਬੀਆਈ ਨੇ ਕਿਹਾ ਕਿਹਵਾਰਾ ਪਹਿਲਾਂ ਜੇਲ੍ਹ ਤੋਂ ਭੱਜ ਚੁੱਕਾ ਹੈ; 2004 ਵਿੱਚ, ਉਹ ਅਤੇ ਉਸਦੇ ਸਾਥੀ ਇੱਕ ਸੁਰੰਗ ਪੁੱਟ ਕੇ ਬੁੜੈਲ ਜੇਲ੍ਹ ਤੋਂ ਭੱਜ ਗਏ ਸਨ। ਬਾਅਦ ਵਿੱਚ ਉਸਨੂੰ ਇੱਕ ਸਾਲ ਬਾਅਦ ਦੁਬਾਰਾ ਫੜ ਲਿਆ ਗਿਆ। ਹਵਾਰਾ ਬੱਬਰ ਖਾਲਸਾ ਇੰਟਰਨੈਸ਼ਨਲ ਵਰਗੇ ਅੱਤਵਾਦੀ ਸੰਗਠਨਾਂ ਨਾਲ ਜੁੜਿਆ ਰਿਹਾ ਹੈ; ਉਸਦੇ ਅਪਰਾਧਿਕ ਰਿਕਾਰਡ ਨੂੰ ਦੇਖਦੇ ਹੋਏ, ਉਸਨੂੰ ਕਿਸੇ ਵੀ ਹਾਲਤ ਵਿੱਚ ਪੈਰੋਲ ਨਹੀਂ ਦਿੱਤੀ ਜਾਣੀ ਚਾਹੀਦੀ। ਸੀਬੀਆਈ ਨੇ ਕਿਹਾ ਕਿ ਜੇਕਰ ਪੈਰੋਲ ਦਿੱਤੀ ਜਾਂਦੀ ਹੈ, ਤਾਂ ਇਹ ਨਾ ਸਿਰਫ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਖ਼ਤਰਾ ਪੈਦਾ ਕਰੇਗਾ, ਬਲਕਿ ਇਹ ਖ਼ਤਰਾ ਵੀ ਪੈਦਾ ਕਰੇਗਾ ਕਿ ਉਹ ਇੱਕ ਵਾਰ ਫਿਰ ਫਰਾਰ ਹੋ ਸਕਦਾ ਹੈ। ਉਪਰੰਤ, ਸੀਬੀਆਈ ਦੇ ਜਵਾਬ ਨੂੰ ਰਿਕਾਰਡ 'ਤੇ ਲੈਂਦੇ ਹੋਏ, ਹਾਈ ਕੋਰਟ ਨੇ ਸੁਣਵਾਈ 3 ਜੂਨ ਤੱਕ ਮੁਲਤਵੀ ਕਰ ਦਿੱਤੀ ਹੈ। ਦੱਸ ਦਈਏ ਕਿ ਹਵਾਰਾ ਨੇ ਆਪਣੀ ਬਿਮਾਰ ਮਾਂ ਦੀ ਦੇਖਭਾਲ ਲਈ ਚਾਰ ਹਫ਼ਤਿਆਂ ਦੀ ਪੈਰੋਲ ਦੀ ਮੰਗ ਕੀਤੀ ਹੈ। ਪਿਛਲੀ ਸੁਣਵਾਈ ਦੌਰਾਨ, ਚੰਡੀਗੜ੍ਹ ਪ੍ਰਸ਼ਾਸਨ ਨੇ ਆਪਣਾ ਜਵਾਬ ਦਾਇਰ ਕਰਦੇ ਹੋਏ ਕਿਹਾ ਸੀ ਕਿ ਹਵਾਰਾ ਇਸ ਸਮੇਂ ਦਿੱਲੀ ਦੀ ਮੰਡੋਲੀ ਜੇਲ੍ਹ ਵਿੱਚ ਬੰਦ ਹੈ; ਇਸ ਲਈ, ਉਸਨੂੰ ਉੱਥੇ ਢੁਕਵੇਂ ਚੈਨਲਾਂ ਰਾਹੀਂ ਪੈਰੋਲ ਦੀ ਮੰਗ ਕਰਨੀ ਚਾਹੀਦੀ ਹੈ। ਹਵਾਰਾ ਨੇ ਦਲੀਲ ਦਿੱਤੀ ਕਿ ਉਹ ਪਿਛਲੇ 28 ਸਾਲ ਅਤੇ 9 ਮਹੀਨਿਆਂ ਤੋਂ ਕੈਦ ਹੈ, ਅਤੇ ਇਸ ਤੋਂ ਪਹਿਲਾਂ ਕਦੇ ਵੀ ਪੈਰੋਲ ਦੀ ਮੰਗ ਨਹੀਂ ਕੀਤੀ। ਦਲੀਲ ਦਿੱਤੀ ਗਈ ਸੀ ਕਿ ਹਵਾਰਾ ਕਲਾਂ ਦੀ ਪੰਚਾਇਤ - ਫਤਿਹਗੜ੍ਹ ਸਾਹਿਬ ਦਾ ਪਿੰਡ ਜਿੱਥੇ ਉਸਦੀ ਮਾਂ ਰਹਿੰਦੀ ਹੈ - ਨੇ ਵੀ ਉਸਦੀ ਬੇਨਤੀ 'ਤੇ ਆਪਣੀ ਸਹਿਮਤੀ ਦੇ ਦਿੱਤੀ ਹੈ; ਨਤੀਜੇ ਵਜੋਂ, ਉਸਨੂੰ ਪੈਰੋਲ ਦਿੱਤੀ ਜਾਣੀ ਚਾਹੀਦੀ ਹੈ। ਅਗਲੀ ਸੁਣਵਾਈ 3 ਜੂਨ ਨੂੰ ਹੋਣੀ ਹੈ।



## ਸੌਦਾ ਸਾਧ ਨੂੰ 16ਵੀਂ ਵਾਰ ਮਿਲੀ ਪੈਰੋਲ, 30 ਦਿਨਾਂ ਲਈ ਮਿਲੀ ਮਨਜ਼ੂਰੀ

**ਚੰਡੀਗੜ੍ਹ/ਰੋਹਤਕ, 26 ਮਈ (ਆਵਾਜ਼ਿ ਕੌਮ ਬਿਊਰੋ)**-ਸੌਦਾ ਸਾਧ ਰਾਮ ਰਹੀਮ ਨੂੰ 30 ਦਿਨਾਂ ਦੀ ਹੋਰ ਪੈਰੋਲ ਮਿਲਣ ਤੋਂ ਬਾਅਦ ਮੰਗਲਵਾਰ ਨੂੰ ਰੋਹਤਕ ਦੀ ਸੁਨਾਰੀਆ ਜੇਲ੍ਹ ਤੋਂ ਬਾਹਰ ਆ ਗਿਆ। 2020 ਤੋਂ ਬਾਅਦ ਇਹ 16ਵੀਂ ਵਾਰ ਹੈ, ਜਦੋਂ ਉਹ ਪੈਰੋਲ 'ਤੇ ਜੇਲ੍ਹ ਤੋਂ ਬਾਹਰ ਆਇਆ ਹੈ। ਸੌਦਾ ਸਾਧ ਇਸ ਸਮੇਂ ਹਰਿਆਣਾ ਦੇ ਰੋਹਤਕ ਦੀ ਸੁਨਾਰੀਆ ਜੇਲ੍ਹ ਵਿੱਚ ਬੰਦ ਹੈ, ਆਪਣੇ ਦੋ ਚੇਲਿਆਂ ਨਾਲ ਜਿਨਸੀ ਸ਼ੋਸ਼ਣ ਦੇ ਦੋਸ਼ੀ ਠਹਿਰਾਏ ਜਾਣ ਤੋਂ ਬਾਅਦ 20 ਸਾਲ ਦੀ ਸਜ਼ਾ ਕੱਟ ਰਿਹਾ ਹੈ। ਅਧਿਕਾਰੀਆਂ ਅਨੁਸਾਰ, ਸੌਦਾ ਸਾਧ ਪੈਰੋਲ ਦੀ ਮਿਆਦ ਦੌਰਾਨ ਸਿਰਸਾ ਸਥਿਤ ਆਪਣੇ ਡੇਰਾ ਹੈੱਡਕੁਆਰਟਰ ਵਿੱਚ ਰਹੇਗਾ। ਉਸਨੂੰ ਆਪਣੇ ਡੇਰਿਆਂ ਵਿੱਚ ਆਪਣੇ ਪੈਰੋਕਾਰਾਂ ਨੂੰ ਇਕੱਠਾ ਕਰਨ ਦੀ ਇਜਾਜ਼ਤ ਨਹੀਂ ਹੈ, ਪਰ ਉਹ ਉਨ੍ਹਾਂ ਨੂੰ ਵਰਚੁਅਲੀ ਸੰਬੋਧਨ ਕਰ ਸਕਦਾ ਹੈ। ਸੌਦਾ ਸਾਧ ਪਹਿਲਾਂ 24 ਅਕਤੂਬਰ, 2020 (1 ਦਿਨ ਦੀ ਪੈਰੋਲ) ਨੂੰ ਜੇਲ੍ਹ ਤੋਂ ਬਾਹਰ ਆਇਆ; ਫਿਰ 21 ਮਈ, 2021 ਨੂੰ (ਆਪਣੀ ਬਿਮਾਰ ਮਾਂ ਨੂੰ ਮਿਲਣ ਲਈ 12 ਘੰਟੇ ਦੀ ਪੈਰੋਲ); 7 ਫਰਵਰੀ, 2022 (21 ਦਿਨ ਦੀ ਫਰਲੋ); ਜੂਨ 2022 (30 ਦਿਨ ਦੀ ਪੈਰੋਲ); 14 ਅਕਤੂਬਰ, 2022 (40 ਦਿਨ ਦੀ ਪੈਰੋਲ)। ਫਿਰ ਉਸਨੂੰ 21 ਜਨਵਰੀ, 2023 (40 ਦਿਨ ਦੀ ਪੈਰੋਲ); 20 ਜੁਲਾਈ, 2023 (30 ਦਿਨ ਦੀ ਪੈਰੋਲ); 21 ਨਵੰਬਰ, 2023 (21 ਦਿਨ ਦੀ ਫਰਲੋ); 19 ਜਨਵਰੀ, 2024 (50 ਦਿਨ ਦੀ ਫਰਲੋ); 13 ਅਗਸਤ, 2024 (21 ਦਿਨ ਦੀ ਫਰਲੋ); 2 ਅਕਤੂਬਰ, 2024 (20-ਦਿਨਾਂ ਦੀ ਪੈਰੋਲ); 28 ਜਨਵਰੀ, 2025 (30-ਦਿਨਾਂ ਦੀ ਪੈਰੋਲ); 9 ਅਪ੍ਰੈਲ 2025 (21-ਦਿਨਾਂ ਦੀ ਫਰਲੋ) ਅਤੇ 5 ਅਗਸਤ, 2025 (40-ਦਿਨਾਂ ਦੀ ਪੈਰੋਲ)।



## ਰੇਗਿਸਤਾਨ ਤੋਂ ਵੱਧ ਤਪ ਰਿਹਾ ਪੰਜਾਬ, ਚਿੰਤਾਨਜਨਕ ਬਣੀ ਸਥਿਤੀ

**ਚੰਡੀਗੜ੍ਹ, 26 ਮਈ (ਆਵਾਜ਼ਿ ਕੌਮ ਬਿਊਰੋ)**-ਉੱਤਰੀ ਭਾਰਤ 'ਚ ਇਸ ਵਾਰ ਪੈ ਰਹੀ ਗਰਮੀ ਨੇ ਨਵਾਂ ਰੁਝਾਨ ਸਾਹਮਣੇ ਲਿਆਂਦਾ ਹੈ। ਜਿੱਥੇ ਪਹਿਲਾਂ ਰਾਜਸਥਾਨ ਦੇ ਰੇਗਿਸਤਾਨੀ ਖੇਤਰ ਸਭ ਤੋਂ ਗਰਮ ਮੰਨੇ ਜਾਂਦੇ ਸਨ, ਹੁਣ ਪੰਜਾਬ ਅਤੇ ਹਰਿਆਣਾ ਦੇ ਕਈ ਇਲਾਕੇ ਤਾਪਮਾਨ ਦੇ ਮਾਮਲੇ 'ਚ ਉਨ੍ਹਾਂ ਤੋਂ ਵੀ ਅੱਗੇ ਨਿਕਲ ਰਹੇ ਹਨ। ਮੌਸਮ ਵਿਗਿਆਨੀਆਂ ਅਤੇ ਖੇਤੀਬਾੜੀ ਮਾਹਿਰਾਂ ਮੁਤਾਬਕ ਇਸ ਦੇ ਪਿੱਛੇ ਮੌਸਮੀ ਤਬਦੀਲੀ ਦੇ ਨਾਲ-ਨਾਲ ਮਨੁੱਖੀ ਗਤੀਵਿਧੀਆਂ ਅਤੇ ਬਦਲਦਾ ਭੂ-ਉਪਯੋਗ ਵੀ ਵੱਡੀ ਭੂਮੀਕਾ ਨਿਭਾ ਰਹੇ ਹਨ। ਤਾਜ਼ਾ ਅੰਕੜਿਆਂ ਅਨੁਸਾਰ ਪੰਜਾਬ ਦੇ ਬਠਿੰਡਾ 'ਚ 45.6 ਡਿਗਰੀ ਸੈਲਸੀਅਸ ਅਤੇ ਹਰਿਆਣਾ ਦੇ ਸਿਰਸਾ 'ਚ 45.8 ਡਿਗਰੀ ਤਾਪਮਾਨ ਦਰਜ ਕੀਤਾ ਗਿਆ, ਜਦਕਿ ਰਾਜਸਥਾਨ ਦੇ ਜੈਪੁਰ, ਜੋਧਪੁਰ ਅਤੇ ਜੈਸਲਮੇਰ ਵਰਗੇ ਸ਼ਹਿਰ ਇਸ ਤੋਂ ਘੱਟ ਤਾਪਮਾਨ 'ਤੇ ਰਹੇ। ਹੈਰਾਨੀ ਦੀ ਗੱਲ ਇਹ ਰਹੀ ਕਿ ਰਾਜਸਥਾਨ ਦਾ ਗਰਮ ਮੰਨਿਆ ਜਾਣ ਵਾਲਾ ਸ਼੍ਰੀਗੰਗਾਨਗਰ ਵੀ ਬਠਿੰਡਾ ਅਤੇ ਸਿਰਸਾ ਨਾਲੋਂ ਠੰਢਾ ਦਰਜ ਹੋਇਆ। ਮਾਹਿਰਾਂ ਦਾ ਕਹਿਣਾ ਹੈ ਕਿ ਪਹਿਲਾਂ ਹੀਟਵੇਵ ਜ਼ਿਆਦਾਤਰ ਰਾਜਸਥਾਨ ਤੱਕ ਸੀਮਿਤ ਰਹੀ ਸੀ, ਪਰ ਹੁਣ ਇਹ ਪੂਰੇ ਇੰਡੋ-ਗੈਂਗੇਟਿਕ ਮੈਦਾਨ ਪੰਜਾਬ, ਹਰਿਆਣਾ, ਦਿੱਲੀ ਅਤੇ ਉੱਤਰ ਪ੍ਰਦੇਸ਼ 'ਚ ਤੇਜ਼ੀ ਨਾਲ ਫੈਲ ਰਹੀ ਹੈ। ਖੇਤੀਬਾੜੀ ਮਾਹਿਰਾਂ ਅਨੁਸਾਰ ਪੰਜਾਬ ਅਤੇ ਹਰਿਆਣਾ 'ਚ ਲੰਮੇ ਸਮੇਂ ਤੋਂ ਚੱਲ ਰਹੀ ਕਣਕ-ਝੋਨੇ ਦੀ ਇਕੋ ਫ਼ਸਲੀ ਪ੍ਰਣਾਲੀ ਨੇ ਕੁਦਰਤੀ ਸੰਤੁਲਨ ਨੂੰ ਪ੍ਰਭਾਵਿਤ ਕੀਤਾ ਹੈ। ਕਣਕ ਦੀ ਵਾਢੀ ਤੋਂ ਬਾਅਦ ਖਾਲੀ ਰਹਿ ਜਾਣ ਵਾਲੇ ਖੇਤ ਸੂਰਜ ਦੀ ਗਰਮੀ ਨੂੰ ਤੇਜ਼ੀ ਨਾਲ ਆਪਣੇ 'ਚ ਸਮੇਟ ਲੈਂਦੇ ਹਨ, ਜਿਸ ਨਾਲ ਮਈ ਅਤੇ ਜੂਨ 'ਚ ਜ਼ਮੀਨ ਦਾ ਤਾਪਮਾਨ ਵਧ ਜਾਂਦਾ ਹੈ। ਇਸ ਤੋਂ ਇਲਾਵਾ ਜ਼ਮੀਨੀ ਪਾਣੀ ਦੀ ਵੱਧ ਖਪਤ, ਘਟਦਾ ਦਰੱਖਤੀ ਕਵਰ ਅਤੇ ਪਰਾਲੀ ਸਾੜਨ ਵਰਗੀਆਂ ਗਤੀਵਿਧੀਆਂ ਵੀ ਗਰਮੀ 'ਚ ਵਾਧੇ ਦਾ ਕਾਰਨ ਬਣ ਰਹੀਆਂ ਹਨ। ਝੋਨੇ ਦੀ ਤਿਆਰੀ ਅਤੇ ਵੱਡੇ ਪੱਧਰ 'ਤੇ ਸਿੰਚਾਈ ਕਾਰਨ ਹਵਾ 'ਚ ਨਮੀ ਵਧ ਰਹੀ ਹੈ, ਜੋ ਗਰਮੀ ਨੂੰ ਹੋਰ ਭਾਰੀ ਅਤੇ ਅਸਹਿਣਯੋਗ ਬਣਾਉਂਦੀ ਹੈ। ਮਾਹਿਰਾਂ ਲਈ ਸਭ ਤੋਂ ਵੱਡੀ ਚਿੰਤਾ ਇਹ ਹੈ ਕਿ ਹੁਣ ਰਾਤ ਦੇ ਸਮੇਂ ਵੀ ਤਾਪਮਾਨ 'ਚ ਵੱਡੀ ਘਟੋਤਰੀ ਨਹੀਂ ਆ ਰਹੀ। ਇਸ ਦਾ ਇਕ ਮੁੱਖ ਕਾਰਨ 'ਅਰਬਨ ਹੀਟ ਆਇਲੈਂਡ ਪ੍ਰਭਾਵ' ਹੈ। ਸ਼ਹਿਰਾਂ 'ਚ ਵਧ ਰਹੀਆਂ ਕੰਕਰੀਟ ਦੀਆਂ ਇਮਾਰਤਾਂ, ਸੜਕਾਂ ਅਤੇ ਵਾਹਨਾਂ ਦੀ ਗਿਣਤੀ ਦਿਨ ਦੌਰਾਨ ਗਰਮੀ ਨੂੰ ਸਟੋਰ ਕਰ ਲੈਂਦੀ ਹੈ ਅਤੇ ਰਾਤ ਸਮੇਂ ਹੌਲੀ-ਹੌਲੀ ਛੱਡਦੀ ਹੈ, ਜਿਸ ਕਾਰਨ ਠੰਢਕ ਮਹਿਸੂਸ ਨਹੀਂ ਹੁੰਦੀ। ਮਾਹਿਰਾਂ ਅਨੁਸਾਰ ਰਾਜਸਥਾਨ 'ਚ ਸੁੱਕੀ ਹਵਾ ਕਾਰਨ ਸੂਰਜ ਡੁੱਬਣ ਨਾਲ ਤਾਪਮਾਨ ਘੱਟਣਾ ਸ਼ੁਰੂ ਹੋ ਜਾਂਦਾ ਹੈ, ਜਦਕਿ ਪੰਜਾਬ ਅਤੇ ਹਰਿਆਣਾ 'ਚ ਨਮੀ ਅਤੇ ਕੰਕਰੀਟ ਕਾਰਨ ਗਰਮੀ ਲੰਮੇ ਸਮੇਂ ਤੱਕ ਕਾਇਮ ਰਹਿੰਦੀ ਹੈ। ਇਸੇ ਕਰ ਕੇ ਇਕੋ ਤਾਪਮਾਨ ਹੋਣ ਦੇ ਬਾਵਜੂਦ ਪੰਜਾਬ ਦੀ ਗਰਮੀ ਜ਼ਿਆਦਾ ਤਕਲੀਫ਼ਦਾਇਕ ਮਹਿਸੂਸ ਹੁੰਦੀ ਹੈ। ਅੰਕੜਿਆਂ ਮੁਤਾਬਕ ਪੰਜਾਬ ਦਾ ਜੰਗਲਾਤ ਕਵਰ ਲਗਭਗ 3.67 ਫ਼ੀਸਦੀ (ਫੀਸਦੀ) ਅਤੇ ਹਰਿਆਣਾ ਦਾ ਕਰੀਬ 3.7 ਫ਼ੀਸਦੀ (ਫੀਸਦੀ) ਹੈ, ਜੋ ਦੇਸ਼ 'ਚ ਸਭ ਤੋਂ ਘੱਟਾਂ 'ਚ ਗਿਣਿਆ ਜਾਂਦਾ ਹੈ।



## 328 ਪਾਵਨ ਸਰੂਪਾਂ ਦੇ ਮਾਮਲੇ 'ਤੇ ਬਣੀ ਸਿੱਟ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਅਧਿਕਾਰਾਂ ਵਿਚ ਦੇ ਰਹੀ ਹੈ ਦਖਲ- ਐਡਵੋਕੇਟ ਹਰਜਿੰਦਰ ਸਿੰਘ ਧਾਮੀ

**ਨਵੀਂ ਦਿੱਲੀ, 26 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਸਰਕਾਰ ਵੱਲੋਂ 328 ਪਾਵਨ ਸਰੂਪਾਂ ਦੇ ਮਾਮਲੇ ਸਬੰਧੀ ਬਣਾਈ ਗਈ ਵਿਸ਼ੇਸ਼ ਜਾਂਚ ਟੀਮ (ਸਿੱਟ) ਦੀ ਕਾਰਗੁਜ਼ਾਰੀ 'ਤੇ ਗੰਭੀਰ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਹੈ ਕਿ ਸਿੱਟ ਆਪਣੇ ਅਧਿਕਾਰ ਖੇਤਰ ਤੋਂ ਬਾਹਰ ਜਾ ਕੇ ਸ਼੍ਰੋਮਣੀ ਕਮੇਟੀ ਦੇ ਅੰਦਰੂਨੀ ਅਤੇ ਪ੍ਰਬੰਧਕੀ ਮਾਮਲਿਆਂ ਵਿੱਚ ਗੈਰ-ਜ਼ਰੂਰੀ ਦਖਲਅੰਦਾਜ਼ੀ ਕਰ ਰਹੀ ਹੈ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਜਾਂਚ ਦੇ ਨਾਮ ਹੇਠ ਸਿੱਖਾਂ ਦੀ ਪ੍ਰਮੁੱਖ ਧਾਰਮਿਕ ਸੰਸਥਾ ਦੀ ਸੰਵਿਧਾਨਕ ਹਸਤੀ ਨੂੰ ਸੱਟ ਮਾਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਨੂੰ ਕਿਸੇ ਵੀ ਸੂਰਤ ਵਿੱਚ ਸਵੀਕਾਰ ਨਹੀਂ ਕੀਤਾ ਜਾ ਸਕਦਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਸ਼ੁਰੂ ਤੋਂ ਹੀ ਪੂਰੀ ਸੁਹਿਰਦਤਾ ਅਤੇ ਪਾਰਦਰਸ਼ਤਾ ਨਾਲ ਜਾਂਚ ਟੀਮ ਨੂੰ ਸਹਿਯੋਗ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਨੂੰ ਮੁੱਖ ਰੱਖਦਿਆਂ ਸਿੱਟ ਨੂੰ ਹਰ ਲੋੜੀਂਦੀ ਜਾਣਕਾਰੀ ਅਤੇ ਸਹਾਇਤਾ ਪ੍ਰਦਾਨ ਕੀਤੀ ਗਈ, ਪਰੰਤੂ ਦੁੱਖ ਦੀ ਗੱਲ ਹੈ ਕਿ ਸਿੱਟ ਨੇ ਇਸ ਸਹਿਯੋਗ ਨੂੰ ਸਮਝਣ ਦੀ ਬਜਾਏ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਅਤੇ ਅੰਦਰੂਨੀ ਮਾਮਲਿਆਂ ਨੂੰ ਆਪਣੇ ਏਜੰਡੇ ਦਾ ਹਿੱਸਾ ਬਣਾ ਲਿਆ ਹੈ। ਉਨ੍ਹਾਂ ਕਿਹਾ ਕਿ ਸਿੱਟ ਵੱਲੋਂ ਲਗਾਤਾਰ ਅਜਿਹੀਆਂ ਜਾਣਕਾਰੀਆਂ ਮੰਗੀਆਂ ਜਾ ਰਹੀਆਂ ਹਨ, ਜਿਨ੍ਹਾਂ ਦਾ 328 ਪਾਵਨ ਸਰੂਪਾਂ ਦੇ ਮਾਮਲੇ ਨਾਲ ਦੂਰ-ਦੂਰ ਤੱਕ ਕੋਈ ਸੰਬੰਧ ਨਹੀਂ ਬਣਦਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਤਰਾਜ਼ ਜਤਾਉਂਦਿਆਂ ਕਿਹਾ ਕਿ ਸਿੱਟ ਵੱਲੋਂ ਸ਼੍ਰੋਮਣੀ ਕਮੇਟੀ ਦੇ ਵਿੱਤੀ ਖਾਤਿਆਂ, ਬੈਂਕ ਲੈਣ-ਦੇਣ ਅਤੇ ਸਮੁੱਚੇ ਆਰਥਿਕ ਵੇਰਵਿਆਂ ਦੀ ਮੰਗ ਕਰਨਾ ਉਸ ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦਾ। ਉਨ੍ਹਾਂ ਕਿਹਾ ਕਿ ਕਦੇ ਸਿੱਟ ਆਪਣੇ ਨੁਮਾਇੰਦਿਆਂ ਨੂੰ ਬੈਂਕਾਂ ਵਿੱਚ ਭੇਜ ਕੇ ਖਾਤਿਆਂ ਦੀ ਜਾਣਕਾਰੀ ਇਕੱਠੀ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਅਤੇ ਕਦੇ ਪੱਤਰਾਂ ਰਾਹੀਂ ਵਿਸਥਾਰਪੂਰਵਕ ਵਿੱਤੀ ਵੇਰਵੇ ਮੰਗੇ ਜਾ ਰਹੇ ਹਨ। ਹੁਣ ਸਿੱਟ ਵੱਲੋਂ ਨਿੱਜੀ ਚੈਨਲਾਂ ਈਟੀਸੀ ਅਤੇ ਜੀ ਨੈਕਸਟ ਮੀਡੀਆ ਨਾਲ ਬੀਤੇ ਲੰਬੇ ਸਮੇਂ ਦੌਰਾਨ ਗੁਰਬਾਣੀ ਕੀਰਤਨ ਸਬੰਧੀ ਕੀਤੇ ਗਏ ਸਮਝੌਤਿਆਂ ਦੇ ਵੇਰਵੇ ਵੀ ਮੰਗੇ ਗਏ ਹਨ, ਜਿਨ੍ਹਾਂ ਦਾ 328 ਪਾਵਨ ਸਰੂਪਾਂ ਨਾਲ ਕੋਈ ਸੰਬੰਧ ਨਹੀਂ ਬਣਦਾ। ਇਥੋਂ ਤਕ ਕਿ ਜਿਹੜੀ ਜਾਣਕਾਰੀਆਂ ਪਹਿਲਾਂ ਹੀ ਸਿੱਟ ਨੂੰ ਦਿੱਤੀਆਂ ਜਾ ਚੁੱਕੀਆਂ ਹਨ, ਉਨ੍ਹਾਂ ਬਾਰੇ ਬਾਰ-ਬਾਰ ਦੁਬਾਰਾ ਪੱਤਰ ਭੇਜ ਕੇ ਫਿਰ ਜਾਣਕਾਰੀ ਮੰਗੀ ਜਾ ਰਹੀ ਹੈ। ਇਹ ਸਭ ਕੁਝ ਜਾਂਚ ਦੇ ਮੂਲ ਮਕਸਦ ਤੋਂ ਬਾਹਰ ਜਾ ਕੇ ਕੀਤਾ ਜਾ ਰਿਹਾ ਹੈ। ਜਾਂਚ ਟੀਮ ਦੇ ਸਵਾਲ ਅਤੇ ਮਨਮਰਜ਼ੀ ਨਾਲ ਮੰਗੀਆਂ ਜਾ ਰਹੀਆਂ ਜਾਣਕਾਰੀਆਂ ਇਸ ਗੱਲ ਵੱਲ ਇਸ਼ਾਰਾ ਕਰਦੀਆਂ ਹਨ ਕਿ ਉਹ ਅਸਲ ਜਾਂਚ ਤੋਂ ਹਟ ਕੇ ਕਿਸੇ ਹੋਰ ਮਨਸੂਬੇ ਤਹਿਤ ਕੰਮ ਕਰ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇੰਝ ਮਹਿਸੂਸ ਹੁੰਦਾ ਹੈ ਕਿ ਪੰਜਾਬ ਸਰਕਾਰ ਸਿੱਟ ਦੇ ਜ਼ਰੀਏ ਸਿੱਖਾਂ ਦੀ ਸਿਰਮੌਰ ਸੰਸਥਾ ਦੇ ਸੰਵਿਧਾਨਕ ਅਧਿਕਾਰਾਂ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਸ਼੍ਰੋਮਣੀ ਕਮੇਟੀ ਦਾ ਮਾਮਲਾ ਨਹੀਂ, ਸਗੋਂ ਸਿੱਖ ਸੰਸਥਾਵਾਂ ਦੀ ਖ਼ੁਦਮੁਖਤਿਆਰੀ ਅਤੇ ਅਧਿਕਾਰਾਂ ਨਾਲ ਜੁੜਿਆ ਸੰਵੇਦਨਸ਼ੀਲ ਵਿਸ਼ਾ ਹੈ। ਉਨ੍ਹਾਂ ਆਖਿਆ ਕਿ ਸਿੱਟ ਆਪਣੇ ਅਧਿਕਾਰਾਂ ਤੋਂ ਬਾਹਰ ਨਾ ਜਾਵੇ ਅਤੇ ਕੇਵਲ 328 ਪਾਵਨ ਸਰੂਪਾਂ ਦੀ ਜਾਂਚ ਤਕ ਹੀ ਸੀਮਤ ਰਹੇ।



## ਮਜੀਠਾ 'ਚ ਚੋਣਾਂ ਦੌਰਾਨ ਹੰਗਾਮਾ, ਬਿਕਰਮ ਮਜੀਠੀਆ ਦਾ ਪੈ ਗਿਆ ਪੰਗਾ



**ਅੰਮ੍ਰਿਤਸਰ, ਮਜੀਠਾ**, 26 ਮਈ (ਆਵਾਜ਼ਿ ਕੌਮ ਬਿਊਰੋ)-ਪੰਜਾਬ ਵਿਚ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਦੌਰਾਨ ਮਜੀਠਾ ਹਲਕੇ ਵਿੱਚ ਸਥਿਤੀ ਉਸ ਸਮੇਂ ਕਾਫੀ ਤਣਾਅਪੂਰਨ ਹੋ ਗਈ ਜਦੋਂ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਦੀ ਦੂਜੀ ਧਿਰ ਨਾਲ ਜ਼ਬਰਦਸਤ ਧੱਕਾ-ਮੁੱਕੀ ਹੋਈ। ਜਾਣਕਾਰੀ ਮੁਤਾਬਕ ਚੋਣਾਂ ਦੇ ਮਾਹੌਲ ਵਿੱਚ ਦੋਵਾਂ ਧਿਰਾਂ ਦੇ ਸਮਰਥਕ ਆਹਮੋ-ਸਾਹਮਣੇ ਹੋ ਗਏ, ਜਿਸ ਕਾਰਨ ਹਾਲਾਤ ਕਾਫੀ ਨਾਜ਼ੁਕ ਬਣ ਗਏ। ਇਸ ਟਕਰਾਅ ਦੌਰਾਨ ਤਿੱਖੀ ਬਹਿਸਬਾਜ਼ੀ ਹੋਈ ਅਤੇ ਮਾਹੌਲ ਇੰਨਾ ਗਰਮਾ ਗਿਆ ਕਿ ਇੱਕ-ਦੂਜੇ ਨੂੰ ਸਿੱਧੀਆਂ ਧਮਕੀਆਂ ਦਿੱਤੀਆਂ ਗਈਆਂ। ਇਸ ਦੌਰਾਨ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਜਦੋਂ ਉਹ ਸਵੇਰੇ ਵੋਟ ਪਾਉਣ ਗਏ ਤਾਂ ਵਾਰਡ ਨੰਬਰ 5 ਵਿੱਚ ਚੋਣਾਂ ਹੋ ਰਹੀਆਂ ਸਨ, ਇਕ ਵਿਅਕਤੀ ਪਰਮਜੀਤ ਸਿੰਘ ਪੰਪਾ ਜੋ ਕਿ ਵਾਰਡ ਨੰਬਰ 6 ਦਾ ਰਹਿਣ ਵਾਲਾ ਹੈ ਅਤੇ ਉਸ ਵੱਲੋਂ ਵਾਰਡ ਨੰਬਰ 5 'ਚ ਆ ਕੇ ਪਹਿਲਾਂ ਗੁੰਡਾਗਰਦੀ ਕੀਤੀ ਗਈ। ਜਿਸ ਤੋਂ ਬਾਅਦ ਪਰਮਜੀਤ ਸਿੰਘ ਪੰਪਾ ਅਤੇ ਅਵਤਾਰ ਸਿੰਘ ਲੱਡੂ ਫਿਰ ਵਾਰਡ ਨੂੰ 9 'ਚ ਆ ਕੇ ਝਗੜਾ ਕਰਨ ਲੱਗ ਪਏ। ਇਸ ਦੌਰਾਨ ਮਜੀਠੀਆ ਨੇ ਕਿਹਾ ਮਜੀਠਾ ਵਿੱਚ ਇਸ ਤਰ੍ਹਾਂ ਦੀਆਂ ਚੋਣਾਂ ਪਹਿਲਾਂ ਕਦੇ ਨਹੀਂ ਹੋਈਆਂ, ਜਿਹੜਾ ਮਾਹੌਲ ਅੱਜ ਦੇਖਣ ਨੂੰ ਮਿਲਿਆ ਹੈ। ਬਿਕਰਮ ਮਜੀਠੀਆ ਨੇ ਇਹ ਵੀ ਕਿਹਾ ਕਿ ਜਦੋਂ ਕਿਸੇ ਵਾਰਡ 'ਚ ਚੋਣਾਂ ਹੁੰਦੀਆਂ ਹਨ ਤਾਂ ਕਿਸੇ ਵਿਅਕਤੀ ਦੀ ਦੂਜੇ ਵਾਰਡ 'ਚ ਆਉਣ ਦੀ ਇਜਾਜ਼ਤ ਨਹੀਂ ਹੁੰਦੀ । ਦੱਸ ਦੇਈਏ ਹੰਗਾਮੇ ਦੌਰਾਨ ਮੌਕੇ 'ਤੇ ਮੌਜੂਦ ਭੀੜ ਵੱਲੋਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਦੌਰਾਨ ਲੋਕਾਂ ਵੱਲੋਂ ਨਾਅਰੇਬਾਜ਼ੀ ਵੀ ਕੀਤੀ ਗਈ। ਇਸ ਧੱਕਾ-ਮੁੱਕੀ ਨੇ ਚੋਣਾਂ ਦੀ ਪ੍ਰਕਿਰਿਆ ਦੌਰਾਨ ਸੁਰੱਖਿਆ ਅਤੇ ਅਮਨ-ਕਾਨੂੰਨ ਦੀ ਸਥਿਤੀ 'ਤੇ ਵੱਡੇ ਸਵਾਲ ਖੜ੍ਹੇ ਕਰ ਦਿੱਤੇ ਹਨ, ਕਿਉਂਕਿ ਦੋਵਾਂ ਧਿਰਾਂ ਵਿਚਾਲੇ ਹੋਏ ਇਸ ਟਕਰਾਅ ਨੇ ਇਲਾਕੇ ਵਿੱਚ ਕਾਫੀ ਦਹਿਸ਼ਤ ਦਾ ਮਾਹੌਲ ਪੈਦਾ ਕਰ ਦਿੱਤਾ ਸੀ । ਇਸ ਮੌਕੇ ਪੁਲਸ ਪ੍ਰਸ਼ਾਸਨ ਵੱਲੋਂ ਮੌਕੇ 'ਤੇ ਆ ਕੇ ਹਾਲਾਤ ਨੂੰ ਕਾਬੂ ਕੀਤਾ ਗਿਆ।




ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

ਸੰਪਰਕ ਨੰਬਰ
84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿਲੋਂ, ਜ: ਮਹਿਤਾਬ ਸਿੰਘ ਵਿਲੋਂ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV








# 2 ਜੂਨ ਨੂੰ ਪਿੰਡ ਰੋਡੇ ਪੁੱਜੋ

--✶ ਬੇਨਤੀ ਕਰਤਾ ✶--

**ਸੰਤ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ, ਭਿੰਡਰਾਂਵਾਲੇ

ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

## ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ

# ਜਨਮ ਦਿਨ ਸਮਾਗਮ



# 2 ਜੂਨ ਨੂੰ ਪਿੰਡ ਰੋਡੇ ਪਹੁੰਚੋ



ਸੰਤ ਭਿੰਡਰਾਂਵਾਲੇ

**ਸਮਾਗਮ ਦਾ ਸਿੱਧਾ ਪ੍ਰਸਾਰਨ**

ਅੱਜ ਦੀ ਆਵਾਜ਼, ਮਿਸਟਰ ਸਿੰਘ ਪ੍ਰੋਡਕਸ਼ਨ ਟੀ.ਵੀ., ਚੜ੍ਹਦੀ ਕਲਾ ਟਾਈਮ ਟੀ.ਵੀ., ਅਕਾਲ ਚੈਨਲ, ਆਵਾਜ਼ਿ-ਏ-ਕੌਮ 'ਤੇ ਹੋਵੇਗਾ

ਸਮਾਂ-10 ਤੋਂ 3 ਵਜੇ ਤੱਕ

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243



★ ਪ੍ਰਣਾਮ ਸ਼ਹੀਦਾਂ ਨੂੰ ★

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਸ਼ਹੀਦ ਭਾਈ ਅਮਰੀਕ ਸਿੰਘ, ਸ਼ਹੀਦ ਬਾਬਾ ਥਾਰਾ ਸਿੰਘ, ਸ਼ਹੀਦ ਜਨਰਲ ਸ਼ਬੇਗ ਸਿੰਘ ਅਤੇ ਸਮੂਹ ਸ਼ਹੀਦ ਸਿੰਘਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ ਜਿਨ੍ਹਾਂ ਨੇ ਜੂਨ 1984 ਵਿੱਚ 'ਧਰਮ ਹੇਤ ਸੀਸ ਵਾਰ' ਕੇ ਪੰਜਵੇਂ ਨਾਨਕ ਗੁਰੂ ਅਰਜਨ ਪਾਤਸ਼ਾਹ ਜੀ ਨੂੰ ਅਕੀਦਤ ਦੇ ਫੁੱਲ ਭੇਟ ਕੀਤੇ।

**ਸਮੂਹ ਸਿੱਖ ਸੰਗਤ ਦੇ ਸਹਿਯੋਗ ਨਾਲ ਗੁਰਦੁਵਾਰਾ ਸਾਹਿਬ Hesperia 1.30 pm ਕੱਲ ਐਤਵਾਰ ਆਰੰਭ SRI SEHEJ PATH JI In Memory of All Saheed who laid their lives for protection of SRI DARBARAND SRI AKAL TAKHATSAHIB of 6th. June AIHD ( ਤੀਸਰਾ ਘੱਲੂਘਾਰਾ) ਸ੍ਰੀ ਸਹਿਜ ਪਾਠ ਦੇ ਭੋਗ 7th. ਜੂਨ 2026 ਨੂੰ 10 ਵਜੇ ਪੈਣਗੇ ਉਪਰੰਤ ਸ਼ਹੀਦਾਂ ਦੀ ਯਾਦ ਵਿੱਚ ਦੀਵਾਨ ਸਜਾਏ ਜਾਣਗੇ**

--★ ਜਾਰੀ ਕਰਤਾ ★--

# ਸਮੂਹ ਪ੍ਰਬੰਧਕ ਕਮੇਟੀ

## ਗੁਰਦੁਵਾਰਾ ਸਾਹਿਬ Hesperia U. S.A.


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਘੱਲੂਘਾਰਾ ਜੂਨ 1984 ਨੂੰ 5, 6, 7 ਜੂਨ ਨੂੰ ਭਾਰੀ ਦੀਵਾਨ ਸਜਣਗੇ



☛ ਸ਼ਹੀਦੀ ਦਿਹਾੜਾ ਦਮਦਮੀ ਟਕਸਾਲ ਦੇ 14 ਵੇਂ ਮੁਖੀ ਸਿੱਖ ਕੌਮ ਜਰਨੈਲ ਸ੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਤੇ ਨਾਲ ਦੇ ਸ਼ਹੀਦ ਹੋਏ ਸਿੰਘ ਸਿੰਘਣੀਆਂ ਭੁਜੰਗੀਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਨੂਰ

• ਸ਼ੁੱਕਰਵਾਰ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ 10 : 30 ਵਜੇ ਹੋਵੇਗੀ 5 ਜੂਨ ਨੂੰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ। • ਸ਼ਨਿੱਚਰਵਾਰ 6 ਜੂਨ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 7 ਜੂਨ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਪਹਿਲਾਂ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਸ੍ਰੀ ਅਖੰਡ ਪਾਠ ਸਾਹਿਬ ਦੇ 10:30 ਪੈਣਗੇ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਜੀ ਨੂਰ ਢਾਡੀ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਤਰਾਂ ਤਰਾਂ ਦੇ ਸਟਾਲ ਵੀ ਲੱਗਣਗੇ • ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਵਿਦੇਸ਼ ਨਿਵਾਸੀ ਸਿੰਘਾਂ ਵੱਲੋਂ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਸੰਤ ਭਿੰਡਰਾਂਵਾਲੇ
ਭਾਈ ਅਵਤਾਰ ਸਿੰਘ ਕੂੰਨਰ ਸਾਬਕਾ ਪ੍ਰਧਾਨ ISYF ਕੈਨੇਡਾ
ਭਾਈ ਪਰਮਿੰਦਰ ਸਿੰਘ ਬੱਲ ਪ੍ਰਧਾਨ ਸਿੱਖ ਫੈਡਰੇਸ਼ਨ ਯੂ.ਕੇ.
ਭਾਈ ਬਲਿਹਾਰ ਸਿੰਘ ਰੰਧਾਵਾ ਸਿੱਖ ਵਿਦਵਾਨ
ਭਾਈ ਤੇਜਿੰਦਰ ਸਿੰਘ ਜੀ ਪ੍ਰਧਾਨ ਗੁਰਦੁਆਰਾ ਸਮੈਥਿਕ ਯੂ.ਕੇ.
ਭਾਈ ਕੁਲਦੀਪ ਸਿੰਘ ਦਿਓਲ ਸਮੈਥਿਕ ਯੂ.ਕੇ.
ਭਾਈ ਪਰਮਜੀਤ ਸਿੰਘ ਜੀ ਬਿਆਸ ਪਿੰਡ ਵਾਲੇ, ਯੂ.ਕੇ.
ਭਾਈ ਮੋਹਨ ਸਿੰਘ ਜੀ ਯੂ.ਕੇ.
ਭਾਈ ਰੇਸ਼ਮ ਸਿੰਘ ਜੀ ਯੂ.ਕੇ.
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਲਹਿੰਬਰ ਸਿੰਘ ਯੂ.ਕੇ. ਫਤਹਿਪੁਰ ਵਾਲੇ
ਭਾਈ ਗੁਰਜਾਪ ਸਿੰਘ ਰੋਡੇ ਕੈਨੇਡਾ
ਭਾਈ ਇੰਦਰਜੀਤ ਸਿੰਘ ਜੀ ਭਿੰਡਰ ਕਲਾਂ ਯੂ.ਏ.ਈ
ਭਾਈ ਜਸਵਿੰਦਰ ਸਿੰਘ ਜੀ ਕਿੱਲੀ ਚਾਹਲ
ਗਿਆਨੀ ਸੰਦੀਪ ਸਿੰਘ ਜੀ ਯੂ.ਐਸ.ਏ.
ਭਾਈ ਕੇਹਰ ਸਿੰਘ ਜੀ ਯੂ.ਕੇ.
ਸ. ਯਾਦਵਿੰਦਰ ਸਿੰਘ ਬਰਾੜ ਯੂ.ਐਸ.ਏ.
ਸ. ਅਜੀਤ ਸਿੰਘ ਬਰਾੜ ਕੈਨੇਡਾ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਜਥੇਦਾਰ ਨਾਜਰ ਸਿੰਘ ਜੀ ਭਾਈ ਕੇ ਬਖਤੌਰ ਵਾਲੇ
ਪ੍ਰੋ. ਜਸਪਾਲ ਸਿੰਘ ਜੀ ਕੋਟਕਪੂਰਾ
ਸ੍ਰੀ ਤਰੁਣ ਜੈਨ ਬਾਵਾ ਪ੍ਰਧਾਨ ਵਪਾਰ ਮੰਡਲ ਭਾਰਤ
ਮੈਨੇਜਰ ਸ. ਬਲਜੀਤ ਸਿੰਘ ਗੁ. ਸ਼ਹੀਦ ਬਾਬਾ ਨਿਹਾਲ ਸਿੰਘ ਤੱਲਣ
ਬਾਬਾ ਹਰਮੇਲ ਸਿੰਘ ਜੀ ਸਰਦੂਲੇ ਵਾਲੇ
ਗਿਆਨੀ ਮੇਵਾ ਸਿੰਘ ਜੀ ਦਮਦਮੀ ਟਕਸਾਲ ਦਿੱਲੀ ਵਾਲੇ
ਭਾਈ ਸੁਖਰਾਜ ਸਿੰਘ ਨਿਆਮੀਵਾਲਾ ਸ਼ਹੀਦ ਪਰਿਵਾਰ
ਭਾਈ ਲਵਪ੍ਰੀਤ ਸਿੰਘ ਅੰਮ੍ਰਿਤਸਰ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਗਿਆਨੀ ਰਾਜਪਾਲ ਸਿੰਘ ਝੰਗਾਰਾਏ ਪ੍ਰਚਾਰਕ ਇੰਟਰਨੈਸ਼ਨਲ ਪੰਥਕ ਦਲ
ਬਾਬਾ ਸਤਨਾਮ ਸਿੰਘ ਅਲਗੋ ਖੁਰਦ ਵਾਲੇ
ਭਾਈ ਕਿਰਪਾਲ ਸਿੰਘ ਜੀ ਦਮਦਮੀ ਟਕਸਾਲ ਵਾਲੇ
ਗਿਆਨੀ ਰਣਜੋਧ ਸਿੰਘ ਜੀ ਭਦੌੜ ਵਾਲੇ
ਜਥੇਦਾਰ ਕੇਵਲ ਸਿੰਘ ਕੱਦੋਂ ਮਾਛੀਵਾੜਾ ਸਾਹਿਬ ਵਾਲੇ
ਰਾਗੀ ਭਾਈ ਕਿਰਪਾਲ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ
ਜਥੇਦਾਰ ਬਹਾਦਰ ਸਿੰਘ ਭਾਰਟਾ ਸੀ: ਮੀਤ ਪ੍ਰਧਾਨ ਯੂਨਾਈਟਿਡ ਅਕਾਲੀ ਦਲ
ਭਾਈ ਬੇਅੰਤ ਸਿੰਘ ਸ਼ਹਿਰੀ ਪ੍ਰਧਾਨ ਫਿਰੋਜ਼ਪੁਰ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਇੰਟਰਨੈਸ਼ਨਲ ਪੰਥਕ ਦਲ ਆਸਟਰੀਆ ਯੌਰਪ ਦੀ ਜਥੇਬੰਦੀ ਵੱਲੋਂ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਸੰਤ ਭਿੰਡਰਾਂਵਾਲੇ
ਬਾਬਾ ਨਛੱਤਰ ਸਿੰਘ ਜੀ
ਭੈਣੀ ਮੱਸਾ ਸਿੰਘ ਪ੍ਰਧਾਨ ਆਸਟਰੀਆ ਯੌਰਪ
ਭਾਈ ਜਰਨੈਲ ਸਿੰਘ ਵੀਨ
ਮੀਤ ਪ੍ਰਧਾਨ
ਸ. ਜਸਵਿੰਦਰ ਸਿੰਘ
ਪ੍ਰਧਾਨ ਜਰਮਨੀ
ਸ. ਧੰਨਜੀਤ ਸਿੰਘ
ਵਿਆਨਾ
ਭਾਈ ਬਲਵਿੰਦਰ ਸਿੰਘ
ਲਿਨਸ ਆਰਗੇਨਾਈਜਰ
ਭਾਈ ਤਰਸੇਮ ਸਿੰਘ
ਮੀਤ ਪ੍ਰਧਾਨ ਕਲੈਗਨਫੋਰਟ
ਭਾਈ ਜਗਤਾਰ ਸਿੰਘ
ਚੀਫ ਆਰਗੇਨਾਈਜਰ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਹਰਪਾਲ ਸਿੰਘ
ਸੀਨੀਅਰ ਮੀਤ ਪ੍ਰਧਾਨ
ਭਾਈ ਹਰਪ੍ਰੀਤ ਸਿੰਘ ਪੰਮਾ
ਜਨਰਲ ਸਕੱਤਰ ਇਨਸਬਰੁਕ
ਭਾਈ ਵਰਿੰਦਰ ਸਿੰਘ ਜੌਹਲ
ਮੁੱਖ ਬੁਲਾਰਾ
ਸ. ਕਰਨ ਸਿੰਘ
ਅਫਗਾਨੀ
ਭਾਈ ਸਾਗਰਪਾਲ ਸਿੰਘ
ਮੀਤ ਪ੍ਰਧਾਨ ਗ੍ਰ. ਸਾਲਜ਼ਬਰਗ
ਸ. ਜਸਪਾਲ ਸਿੰਘ
ਵਿਆਨਾ
ਸ. ਰਬਿੰਦਰ ਸਿੰਘ
ਚੇਅਰਮੈਨ
ਸ. ਗੁਰਪ੍ਰੀਤ ਸਿੰਘ
ਇਨਸਬਰੁਕ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਰਾਮਾਂ ਮੰਡੀ ਨਗਰ ਕੌਂਸਲ ਚੋਣਾਂ

# ਬੂਥ ਕੈਪਚਰਿੰਗ ਦੇ ਦੋਸ਼ਾਂ ਨਾਲ ਮਾਹੌਲ ਗਰਮਾਇਆ







**ਤਲਵੰਡੀ ਸਾਬੋ, 25 ਮਈ (ਗੁਰਜੰਟ ਸਿੰਘ ਨਥੇਹਾ)-** ਨਗਰ ਕੌਂਸਲ ਚੋਣਾਂ ਤਹਿਤ ਅੱਜ ਰਾਮਾਂ ਮੰਡੀ ਦੇ 13 ਵਾਰਡਾਂ ਵਿੱਚ ਵੋਟਿੰਗ ਸ਼ਾਂਤੀਪੂਰਵਕ ਢੰਗ ਨਾਲ ਸ਼ੁਰੂ ਹੋਈ, ਜਦਕਿ ਦੋ ਵਾਰਡਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਪਹਿਲਾਂ ਹੀ ਬਿਨਾਂ ਮੁਕਾਬਲੇ ਜੇਤੂ ਐਲਾਨੇ ਜਾ ਚੁੱਕੇ ਸਨ। ਦੁਪਹਿਰ ਤੱਕ ਵੋਟਿੰਗ ਪ੍ਰਕਿਰਿਆ ਆਮ ਰਹੀ, ਪਰ ਬਾਅਦ ਵਿੱਚ ਕੰਨਿਆ ਹਾਈ ਸਕੂਲ ਵਿੱਚ ਬਣੇ ਪੋਲਿੰਗ ਬੂਥਾਂ ’ਤੇ ਕਥਿਤ ਬੂਥ ਕੈਪਚਰਿੰਗ ਦੀ ਕੋਸ਼ਿਸ਼ ਨੂੰ ਲੈ ਕੇ ਮਾਹੌਲ ਤਣਾਅਪੂਰਨ ਹੋ ਗਿਆ। ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਦੇ ਉਮੀਦਵਾਰਾਂ ਨੇ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਦੇ ਕਾਰਕੁਨ ਵੱਡੀ ਗਿਣਤੀ ਵਿੱਚ ਪੋਲਿੰਗ ਬੂਥ ਅੰਦਰ ਦਾਖਲ ਹੋਏ ਅਤੇ ਵੋਟਿੰਗ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕੀਤੀ। ਹਾਲਾਂਕਿ ਵਿਰੋਧੀ ਉਮੀਦਵਾਰਾਂ ਦੀ ਚੌਕਸੀ ਕਾਰਨ ਕਥਿਤ ਬੂਥ ਕੈਪਚਰਿੰਗ ਦੀ ਕੋਸ਼ਿਸ਼ ਨਾਕਾਮ ਰਹੀ। ਵਾਰਡ ਨੰਬਰ 15 ਤੋਂ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਇੰਦਰਜੀਤ ਕੌਰ ਨੇ ਦੋਸ਼ ਲਗਾਇਆ ਕਿ ਹਲਕਾ ਵਿਧਾਇਕ ਦੇ ਭਰਾ ਦੀ ਅਗਵਾਈ ਹੇਠ ਦਰਜਨਾਂ ‘ਆਪ’ ਕਾਰਕੁਨ ਪੋਲਿੰਗ ਬੂਥ ਅੰਦਰ ਦਾਖਲ ਹੋ ਗਏ। ਉਨ੍ਹਾਂ ਦੱਸਿਆ ਕਿ ਸਥਿਤੀ ਨੂੰ ਦੇਖਦਿਆਂ ਉਨ੍ਹਾਂ ਅਤੇ ਕਾਂਗਰਸੀ ਉਮੀਦਵਾਰ ਨੇ ਪੋਲਿੰਗ ਬੂਥ ਦਾ ਦਰਵਾਜ਼ਾ ਅੰਦਰੋਂ ਬੰਦ ਕਰ ਲਿਆ, ਜਿਸ ਨਾਲ ਕਥਿਤ ਬੂਥ ਕੈਪਚਰਿੰਗ ਦੀ ਕੋਸ਼ਿਸ਼ ਨਾਕਾਮ ਹੋ ਗਈ। ਉੱਥੇ ਹੀ ਵਾਰਡ ਨੰਬਰ 12 ਤੋਂ ਕਾਂਗਰਸ ਉਮੀਦਵਾਰ ਸੰਤੋਸ਼ ਬਿੰਦਲ ਦੇ ਪਤੀ ਅਤੇ ਸਾਬਕਾ ਕੌਂਸਲਰ ਮਨੋਜ ਸੀਗੋਂ ਨੇ ਦੋਸ਼ ਲਗਾਇਆ ਕਿ ਹਲਕਾ ਵਿਧਾਇਕ ਅਤੇ ਉਨ੍ਹਾਂ ਦਾ ਭਰਾ ਬਾਹਰੀ ਵਿਅਕਤੀਆਂ ਨੂੰ ਨਾਲ ਲੈ ਕੇ ਵੋਟਿੰਗ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ‘ਆਪ’ ਸਮਰਥਕਾਂ ਵੱਲੋਂ ਪੋਲਿੰਗ ਬੂਥ ਵਿੱਚ ਜਬਰਦਸਤੀ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਗਈ। ਮਨੋਜ ਸੀਗੋਂ ਨੇ ਦੱਸਿਆ ਕਿ ਸੂਚਨਾ ਮਿਲਣ ’ਤੇ ਐੱਸਪੀ ਬਠਿੰਡਾ ਜਸਮੀਤ ਸਿੰਘ ਸਾਹੀਵਾਲ ਭਾਰੀ ਪੁਲਿਸ ਫੋਰਸ ਸਮੇਤ ਮੌਕੇ ’ਤੇ ਪਹੁੰਚੇ ਅਤੇ ਪੋਲਿੰਗ ਬੂਥ ਅੰਦਰ ਮੌਜੂਦ ਬਾਹਰੀ ਲੋਕਾਂ ਨੂੰ ਬਾਹਰ ਕੱਢਿਆ, ਜਿਸ ਤੋਂ ਬਾਅਦ ਸਥਿਤੀ ’ਤੇ ਕਾਬੂ ਪਾਇਆ ਗਿਆ।ਘਟਨਾ ਤੋਂ ਬਾਅਦ ਕਾਂਗਰਸੀ ਕਾਰਕੁਨਾਂ ਨੇ ਪੋਲਿੰਗ ਬੂਥ ਦੇ ਬਾਹਰ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਦੌਰਾਨ ਸਵਰਗਵਾਸੀ ਖੁਸ਼ਬਾਜ਼ ਸਿੰਘ ਜਟਾਣਾ ਦੀ ਟੀਮ ਦੇ ਰਣਜੀਤ ਸੰਧੂ ਨੇ ਥਾਣਾ ਮੁਖੀ ਕੌਰ ਸਿੰਘ ’ਤੇ ਪੱਖਪਾਤੀ ਰਵੱਈਆ ਅਪਣਾਉਣ ਦੇ ਦੋਸ਼ ਲਗਾਏ।ਰਣਜੀਤ ਸੰਧੂ ਨੇ ਕਿਹਾ ਕਿ ਇਸ ਤੋਂ ਪਹਿਲਾਂ ਨਾਮਜ਼ਦਗੀ ਪ੍ਰਕਿਰਿਆ ਦੌਰਾਨ ਵੀ ਵਿਰੋਧੀ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਪਾੜੇ ਗਏ ਸਨ ਅਤੇ ਕਈ ਉਮੀਦਵਾਰਾਂ ਦੀਆਂ ਨਾਮਜ਼ਦਗੀਆਂ ਰੱਦ ਕੀਤੀਆਂ ਗਈਆਂ ਸਨ।ਉਨ੍ਹਾਂ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਆਪਣੇ ਉਮੀਦਵਾਰਾਂ ਦੀ ਸੰਭਾਵਿਤ ਹਾਰ ਤੋਂ ਘਬਰਾਕੇ ਲੋਕਤੰਤਰੀ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਇਸ ਦਾ ਜਵਾਬ ਦੇਵੇਗੀ ਅਤੇ ਲੋਕਤੰਤਰ ਵਿਰੋਧੀ ਤਾਕਤਾਂ ਦਾ “ਸੂਪੜਾ ਸਾਫ” ਕਰੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

### ਕੰਨਿਆ ਹਾਈ ਸਕੂਲ ਪੋਲਿੰਗ ਬੂਥ ’ਤੇ ਹੰਗਾਮਾ, ਅਕਾਲੀ-ਕਾਂਗਰਸੀ ਉਮੀਦਵਾਰਾਂ ਨੇ ਦਰਵਾਜ਼ਾ ਬੰਦ ਕਰਕੇ ਕੋਸ਼ਿਸ਼ ਕੀਤੀ ਨਾਕਾਮ

# ਸੱਜਣ ਕੁਮਾਰ ਦੀ ਬਰੀਅਤ ਨੂੰ ਚੁਣੌਤੀ, ਹਾਈ ਕੋਰਟ ਨੇ ਕੇਂਦਰ ਅਤੇ ਦੋਸ਼ੀ ਨੂੰ ਭੇਜਿਆ ਨੋਟਿਸ



ਨਵੀਂ ਦਿੱਲੀ 26 ਮਈ (ਮਨਪ੍ਰੀਤ ਸਿੰਘ ਖਾਲਸਾ): 1984 ਦੇ ਸਿੱਖ ਕਤਲੇਆਮ ਨਾਲ ਜੁੜੇ ਇੱਕ ਮਹੱਤਵਪੂਰਨ ਮਾਮਲੇ ਵਿੱਚ ਦਿੱਲੀ ਹਾਈ ਕੋਰਟ ਨੇ ਮੰਗਲਵਾਰ ਨੂੰ ਸਾਬਕਾ ਕਾਂਗਰਸੀ ਸੰਸਦ ਮੈਂਬਰ ਸੱਜਣ ਕੁਮਾਰ ਦੀ ਬਰੀਅਤ ਖ਼ਿਲਾਫ਼ ਦਾਇਰ ਅਪੀਲ ’ਤੇ ਨੋਟਿਸ ਜਾਰੀ ਕੀਤਾ ਹੈ। ਇਹ ਮਾਮਲਾ ਜਨਕਪੁਰੀ ਅਤੇ ਵਿਕਾਸ ਪੁਰੀ ਪੁਲਿਸ ਸਟੇਸ਼ਨਾਂ ਵਿੱਚ ਦਰਜ ਐਫਆਈਆਰਜ਼ ਨਾਲ ਸੰਬੰਧਿਤ ਹੈ। ਜਸਟਿਸ ਪ੍ਰਤੀਭਾ ਸਿੰਘ ਅਤੇ ਜਸਟਿਸ ਮਧੂ ਜੈਨ ਦੀ ਡਿਵੀਜ਼ਨ ਬੈਂਚ ਨੇ ਸੱਜਣ ਕੁਮਾਰ ਨੂੰ ਨੋਟਿਸ ਜਾਰੀ ਕਰਦੇ ਹੋਏ ਮਾਮਲੇ ਦੀ ਅਗਲੀ ਸੁਣਵਾਈ ਲਈ 29 ਸਤੰਬਰ ਦੀ ਤਾਰੀਖ਼ ਨਿਰਧਾਰਤ ਕੀਤੀ ਹੈ। ਇਹ ਅਪੀਲ 1984 ਕਤਲੇਆਮ ਪੀੜਤ ਮਨਜੀਤ ਸਿੰਘ ਵੱਲੋਂ ਦਾਇਰ ਕੀਤੀ ਗਈ ਹੈ। ਪੀੜਤ ਪੱਖ ਦੀ ਨੁਮਾਇੰਦਗੀ ਵਕੀਲ ਕਾਮਨਾ ਵੋਹਰਾ, ਗੁਰਬਖਸ਼ ਸਿੰਘ ਅਤੇ ਸੁਰਪ੍ਰੀਤ ਕੌਰ ਨੇ ਕੀਤੀ। ਜ਼ਿਕਰਯੋਗ ਹੈ ਕਿ 22 ਜਨਵਰੀ 2026 ਨੂੰ ਰਾਊਸ ਐਵੇਨਿਊ ਅਦਾਲਤ ਨੇ ਸੱਜਣ ਕੁਮਾਰ ਨੂੰ ਇਸ ਮਾਮਲੇ ਵਿੱਚ ਬਰੀ ਕਰ ਦਿੱਤਾ ਸੀ। ਅਦਾਲਤ ਨੇ ਕਿਹਾ ਸੀ ਕਿ ਦੋਸ਼ੀ ਦੀ ਮੌਕੇ ’ਤੇ ਮੌਜੂਦਗੀ ਜਾਂ ਗੈਰ-ਕਾਨੂੰਨੀ ਭੀੜ ਦਾ ਹਿੱਸਾ ਹੋਣ ਸਬੰਧੀ ਭਰੋਸੇਯੋਗ ਸਬੂਤ ਪੇਸ਼ ਨਹੀਂ ਕੀਤੇ ਗਏ। ਅਪੀਲ ਵਿੱਚ ਦਲੀਲ ਦਿੱਤੀ ਗਈ ਹੈ ਕਿ ਟ੍ਰਾਇਲ ਕੋਰਟ ਨੇ ਗਵਾਹਾਂ ਹਰਜੀਤ ਕੌਰ, ਤੇਜਿੰਦਰ ਸਿੰਘ ਅਤੇ ਹੋਰਾਂ ਦੀਆਂ ਗਵਾਹੀਆਂ ਨੂੰ ਠੀਕ ਤਰੀਕੇ ਨਾਲ ਨਹੀਂ ਪਰਖਿਆ। ਅਪੀਲਕਰਤਾ ਦੇ ਅਨੁਸਾਰ ਇਹ ਗਵਾਹੀਆਂ ਸੱਜਣ ਕੁਮਾਰ ਦੀ ਘਟਨਾ ਸਥਾਨ ’ਤੇ ਮੌਜੂਦਗੀ ਦੀ ਪੁਸ਼ਟੀ ਕਰਦੀਆਂ ਸਨ, ਪਰ ਅਦਾਲਤ ਨੇ ਉਨ੍ਹਾਂ ਨੂੰ ਨਜ਼ਰਅੰਦਾਜ਼ ਕਰ ਦਿੱਤਾ। ਅਪੀਲ ਵਿੱਚ ਇਹ ਵੀ ਕਿਹਾ ਗਿਆ ਕਿ ਗੁਰਚਰਨ ਸਿੰਘ, ਸੋਹਣ ਸਿੰਘ ਅਤੇ ਅਵਤਾਰ ਸਿੰਘ ਦੀਆਂ ਮੌਤਾਂ ਸਬੰਧੀ ਸੱਜਣ ਕੁਮਾਰ ਦੀ ਭੂਮਿਕਾ ਦ੍ਰਿਸ਼ਟੀਗਤ ਅਤੇ ਹਾਲਾਤੀ ਸਬੂਤਾਂ ਰਾਹੀਂ ਸਾਬਤ ਹੁੰਦੀ ਹੈ। ਇਸਦੇ ਬਾਵਜੂਦ ਟ੍ਰਾਇਲ ਕੋਰਟ ਨੇ ਕਾਨੂੰਨੀ ਮੂਲ ਸਿਧਾਂਤਾਂ ਦੀ ਪਾਲਣਾ ਕੀਤੇ ਬਿਨਾਂ ਦੋਸ਼ੀ ਨੂੰ ਸ਼ੱਕ ਦਾ ਲਾਭ ਦੇ ਦਿੱਤਾ। ਪੀੜਤ ਪੱਖ ਨੇ ਇਹ ਵੀ ਦਲੀਲ ਦਿੱਤੀ ਕਿ ਉਸ ਸਮੇਂ ਸੱਜਣ ਕੁਮਾਰ ਇਲਾਕੇ ਦੇ ਪ੍ਰਭਾਵਸ਼ਾਲੀ ਨੇਤਾ ਸਨ ਅਤੇ ਉਹ ਸਰਕਾਰੀ ਮਸ਼ੀਨਰੀ ਅਤੇ ਕਾਨੂੰਨੀ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਦੀ ਸਥਿਤੀ ਵਿੱਚ ਸਨ। ਇਸ ਕਾਰਨ ਲੋਕਾਂ ਲਈ ਉਨ੍ਹਾਂ ਖ਼ਿਲਾਫ਼ ਕਾਰਵਾਈ ਕਰਵਾਉਣਾ ਮੁਸ਼ਕਲ ਸੀ। ਬਾਅਦ ਵਿੱਚ ਵਿਸ਼ੇਸ਼ ਜਾਂਚ ਟੀਮ ਨੇ ਲੰਬੀ ਜਾਂਚ ਤੋਂ ਬਾਅਦ ਉਨ੍ਹਾਂ ਖ਼ਿਲਾਫ਼ ਚਾਰਜਸ਼ੀਟ ਦਾਇਰ ਕੀਤੀ ਸੀ। ਵਿਸ਼ੇਸ਼ ਜੱਜ ਦਿਗਵਿਨੇ ਸਿੰਘ ਨੇ ਆਪਣੇ 22 ਜਨਵਰੀ 2026 ਦੇ ਫੈਸਲੇ ਵਿੱਚ ਕਿਹਾ ਸੀ ਕਿ ਇਸਤਗਾਸਾ ਪੱਖ ਦੋਸ਼ਾਂ ਨੂੰ ਵਾਜਬ ਸ਼ੱਕ ਤੋਂ ਪਰੇ ਸਾਬਤ ਕਰਨ ਵਿੱਚ ਅਸਫਲ ਰਿਹਾ ਹੈ। ਇਸ ਲਈ ਸੱਜਣ ਕੁਮਾਰ ਨੂੰ ਬਰੀ ਕੀਤਾ ਗਿਆ। ਸੱਜਣ ਕੁਮਾਰ ਖ਼ਿਲਾਫ਼ ਜੁਲਾਈ 2022 ਵਿੱਚ ਜਨਕਪੁਰੀ ਅਤੇ ਵਿਕਾਸ ਪੁਰੀ ਪੁਲਿਸ ਸਟੇਸ਼ਨਾਂ ਵਿੱਚ ਦਰਜ ਦੋ ਐਫਆਈਆਰਜ਼ ਦੇ ਤਹਿਤ ਚਾਰਜਸ਼ੀਟ ਦਾਇਰ ਕੀਤੀ ਗਈ ਸੀ। ਹਾਲਾਂਕਿ ਦੋਵਾਂ ਮਾਮਲਿਆਂ ਲਈ ਇੱਕ ਸਾਂਝੀ ਚਾਰਜਸ਼ੀਟ ਦਾਇਰ ਕੀਤੀ ਗਈ ਸੀ। ਮੌਜੂਦਾ ਅਪੀਲ ਸਿਰਫ਼ ਜਨਕਪੁਰੀ ਵਾਲੀ ਐਫਆਈਆਰ ਨਾਲ ਸੰਬੰਧਿਤ ਹੈ, ਕਿਉਂਕਿ ਵਿਕਾਸ ਪੁਰੀ ਮਾਮਲੇ ਵਿੱਚ ਪਹਿਲਾਂ ਹੀ ਬਰੀਅਤ ਹੋ ਚੁੱਕੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਰਣਜੀਤ ਸਿੰਘ ਫਾਰਮੇਸੀ ਆਫ਼ਸਰ ਨੂੰ ਦਿੱਤੀ ਵਿਦਾਇਗੀ ਪਾਰਟੀ





**ਧੂਰੀ ( ਰਣਜੀਤ ਸਿੰਘ ਪੇਧਨੀ )-** ਪੀ ਐਚ ਸੀ ਕਾਂਝਲਾ ਵਿਖੇ ਤੈਨਾਤ ਸ੍ਰੀ ਰਣਜੀਤ ਸਿੰਘ ਫਾਰਮੇਸੀ ਆਫ਼ਸਰ ਨੂੰ ਸਿਹਤ ਵਿਭਾਗ ਵਿੱਚ 30 ਸਾਲ ਦੀ ਬੇਦਾਗ ਅਤੇ ਸਾਫ਼ ਸੁਥਰੀ ਸੇਵਾ ਨਿਭਾਉਣ ਉਪ੍ਰੰਤ ਪੀ ਐਚ ਕਾਂਝਲਾ ਦੇ ਸਮੂਹ ਸਟਾਫ ਵੱਲੋਂ ਵਿਦਾਇਗੀ ਪਾਰਟੀ ਦਿੱਤੀ ਗਈ ਇਸ ਮੌਕੇ ਅਸੋ.ਕ ਕੁਮਾਰ ਐਸ ਆਈ ਅਤੇ ਅੰਜੂ ਬਾਲਾ ਐਲ ਐਚ, ਗੁਰਪ੍ਰੀਤ ਸਿੰਘ ਮ, ਪ, ਹ, ਵ(ਮ)ਅਤੇ ਸੋਹਣਪ੍ਰੀਤ ਮ, ਪ, ਹ, ਵ(ਫ), ਬਲਜਿੰਦਰ ਸਿੰਘ ਉੱਪਵੈਦ, ਸੁਰਿੰਦਰ ਸਿੰਘ ਵਾ.ਅ, ਯੋਗੇਸ਼ ਕੁਮਾਰ ਫਾਰਮੇਸੀ ਆਫ਼ਸਰ,ਕ੍ਰਿਨਜੀਤ ਕੌਰ, ਪ੍ਰਵੀਨ ਸਿੰਘ ਅਤੇ ਬਲਵਿੰਦਰ ਕੌਰ, ਸੁਖਪਾਲ ਕੌਰ, ਇੰਦਰਜੀਤ ਕੌਰ, ਪਰਵਿੰਦਰ ਕੌਰ, ਸੋਮਾ ਆਸਾ. ਵਰਕਰਾਂ ਪੀ ਐਚ ਸੀ ਕਾਂਝਲਾ ਤੇ ਰਿਹੈ ਸਟਾਫ਼ ਮੈਂਬਰ ਸ੍ਰੀਮਤੀ ਅਮਰਜੀਤ ਕੌਰ ਰਿਟਾਇਰ ਐਲ ਐਚ ਵੀ ਅਤੇ ਸ੍ਰੀਮਤੀ ਮਨਜੀਤ ਕੌਰ ਐਲ ਐਚ ਵੀ, ਪ੍ਰਵਿੰਦਰ ਕੌਰ ਮ,ਪ,ਹ,ਵ(ਫ) ਪੀ ਐਚ ਸੀ ਫਤਿਹਗੜ ਪੰਜਗਰਾਈਆ ਅਤੇ ਸੰਤੋਸ਼ ਕੁਮਾਰੀ ਵਾ.ਆ ਸਿਵਲ ਹੱਸਪਤਾਲ ਧੂਰੀ ਪਿੰਡ ਦੇ ਪੰਤਵੱਤੇ ਸੱਜਨ ਜਨ ਸਹਾਰਾ ਕਲੱਬ ਦੇ ਪ੍ਰਧਾਨ ਸ੍ਰੀ ਬਸੰਤ ਕੁਮਾਰ,ਜਸਵੀਰ ਸਿੰਘ, ਡਿੰਪਲ ਮੰਨਚੰਦਾ ਖੇਤੀ ਬਾੜੀ ਟੀਚਰ ਸ. ਸ. ਸ. ਸ ਕਾਂਝਲਾ ਵਿਸੇ.ਸ ਤੋਰ ਤੇ ਪੁਹੰਚੇ ਅਤੇ ਰਣਜੀਤ ਸਿੰਘ ਫਾਰਮੇਸੀ ਆਫ਼ਸਰ ਦਾ ਵਿਸੇ.ਸ ਸਨਮਾਨ ਕੀਤਾ ਅਤੇ ਸ੍ਰੀ ਰਣਜੀਤ ਸਿੰਘ ਫਾਰਮੇਸੀ ਆਫ਼ਸਰ ਨੇ ਪਾਰਟੀ ਵਿੱਚ ਪਹੁੰਚੇ ਸਾਰਿਆਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਧਾਰਮਿਕ ਸਥਾਨਾਂ ਲਈ ਬੱਸ ਰਵਾਨਾ




ਫ਼ਿਰੋਜ਼ਪੁਰ, 26 ਮਈ (ਮਨੋਹਰ ਲਾਲ) :— ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ ਕੀਤੀ ਗਈ ਬੱਸ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਸੰਗਤਾਂ ਨੂੰ ਸ੍ਰੀ ਦਰਬਾਰ ਸਾਹਿਬ ਜੀ, ਸ੍ਰੀ ਰਾਮ ਤੀਰਥ, ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਅਤੇ ਅਟਾਰੀ ਬਾਰਡਰ ਦੇ ਦਰਸ਼ਨ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਯਾਤਰਾ ਵਿਚ ਸ਼ਾਮਿਲ ਸ਼ਰਧਾਲੂਆਂ ਦਾ ਰਹਿਣ ਸਹਿਣ ਅਤੇ ਖਾਣੇ ਦਾ ਪ੍ਰਬੰਧ ਏ.ਸੀ ਕਮਰੇ ਹੋਟਲ ਵਿਚ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਫਿਰੋਜ਼ਪੁਰ ਤੋਂ ਸੰਗਤਾਂ ਗੁਰਦੁਆਰਾ ਬੋਹੜ ਵਾਲਾ ਦੇ ਸੈਕਟਰੀ ਹਰਜੀਤ ਸਿੰਘ ਵਲੋਂ ਬੁਕਿੰਗ ਕੀਤੀ ਗਈ ਸੀ ਅਤੇ ਇਸ ਯਾਤਰਾ ਯੋਜਨਾ ਤਹਿਤ 50 ਸਾਲ ਦੇ ਜਾਂ ਇਸ ਤੋਂ ਵੱਧ ਉਮਰ ਦੇ ਪੁਰਸ਼, ਇਸਤਰੀ ਯਾਤਰਾ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਹ ਯਾਤਰਾ 3 ਦਿਨ ਦੀ ਹੁੰਦੀ ਹੈ ਇਹ ਯਾਤਰਾ ਬਿਲਕੁਲ ਫਰੀ ਹੈ। ਇਸ ਯਾਤਰਾ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਸੇਵਾਦਾਰ ਮਨਪ੍ਰੀਤ ਸਿੰਘ ਹਾਂਡਾ, ਬੂਟਾ ਸਿੰਘ ਵਿਰਕ, ਬਲਰਾਜ ਸਿੰਘ ਵੱਲੋਂ ਕੀਤਾ ਗਿਆ ਅਤੇ ਯਾਤਰਾ ਦੌਰਾਨ ਸੰਗਤਾਂ ਦਾ ਪੂਰਾ ਪੂਰਾ ਧਿਆਨ ਰੱਖਿਆ ਜਾਂਦਾ ਹੈ। ਯਾਤਰਾ ਕਰਕੇ ਆਏ ਸ਼ਰਧਾਲੂਆਂ ਵੱਲੋਂ ਇਸ ਯਾਤਰਾ ਦੀ ਬੜੀ ਸ਼ਲਾਘਾ ਕੀਤੀ ਗਈ ਅਤੇ ਸੰਗਤਾਂ ਨੂੰ ਅਪੀਲ ਕੀਤੀ ਗਈ ਕਿ ਵੱਧ ਤੋਂ ਵੱਧ ਇਸ ਫ੍ਰੀ ਯਾਤਰਾ ਦਾ ਲਾਭ ਉਠਾਉਣ ਜੀ। ਸ਼ਰਧਾਲੂਆਂ ਵਿਚ ਹਰਜੀਤ ਸਿੰਘ, ਸਾਹਿਬ ਸਿੰਘ, ਨਰਿੰਦਰ ਸਿੰਘ, ਯਸ਼ਪਾਲ ਸ਼ਰਮਾ, ਪ੍ਰੇਮ ਕੁਮਾਰ, ਅਸ਼ਵਨੀ ਕੁਮਾਰ, ਰੂਪ ਰਾਣੀ, ਆਸ਼ਾ ਰਾਣੀ ਅਤੇ ਹੋਰ ਸ਼ਰਧਾਲੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਚੇਅਰਮੈਨ ਘੁੱਲੀ ਨੇ ਆਪਣੀ ਟੀਮ ਨਾਲ

# ਵੱਖ-ਵੱਖ ਪੋਲਿੰਗ ਬੂਥਾਂ ਤੇ ਵਰਕਰਾਂ ਦੀ ਕੀਤੀ ਹੌਸਲਾ ਅਫਜਾਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫਤਰ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਵੱਲੋਂ ਮਿਉਂਸਪਲ ਕਮੇਟੀ ਦੀਆਂ ਚੋਣਾਂ 'ਚ ਵੱਖ-ਵੱਖ ਵਾਰਡਾਂ ਵਿੱਚ ਆਪਣੀ ਜਿੰਮੇਵਾਰੀ ਨਿਭਾਉਂਦਿਆਂ ਆਪਣੇ ਵਰਕਰਾਂ ਦੇ ਨਾਲ ਵੱਖ-ਵੱਖ ਪੋਲਿੰਗ ਬੂਥਾਂ ਤੇ ਜਾ ਕੇ ਉਹਨਾਂ ਦੀ ਹੌਸਲਾ ਅਫਜਾਈ ਕੀਤੀ। ਇਸ ਮੌਕੇ ਚੇਅਰਮੈਨ ਘੁੱਲੀ ਨੇ ਕਿਹਾ ਮਿਉਂਸਪਲ ਕਮੇਟੀ ਦੀਆਂ ਚੋਣਾਂ ਪੂਰੇ ਸਾਂਤ ਮਈ ਨਾਲ ਸੰਪੂਰਨ ਹੋਈਆ ਹਨ, ਕਿਸੇ ਨੂੰ ਵੀ ਕਨੂੰਨ ਹੱਥ ਵਿੱਚ ਨਹੀਂ ਲੈਣ ਦਿਤਾ ਸ਼ਹਿਰ ਅੰਦਰ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਿਆ ਗਿਆ।

ਇਸ ਮੌਕੇ ਆਪ ਆਗੂ ਬੀਬੀ ਜਸਵਿੰਦਰ ਕੌਰ ਖਾਲਸਾ, ਆਪ ਆਗੂ ਕੁਲਦੀਪ ਸਿੰਘ ਬੁੱਟਰ, ਆਪ ਆਗੂ ਸਰਬਜੀਤ ਸਿੰਘ ਮਾਮਾ, ਆਪ ਆਗੂ ਉੱਘੇ ਸਮਾਜ ਸੇਵੀ ਚੀਨੂ ਧੂਰੀ ਧੀਰ, ਰਣਜੀਤ ਸਿੰਘ ਸ਼ੇਰਗਿੱਲ ,ਉੱਘੇ ਕੌਮਾਂਤਰੀ ਖਿਡਾਰੀ ਰਾਜਿੰਦਰ ਸਿੰਘ ਸਿਧਵਾ, ਰਾਜਾ ਸੇਰਪੁਰ ਸੌਢੀਆ ਭਿੰਦਾ ਵਿਰਕ, ਮਾਣਾ ਗਰੇਵਾਲ ਸਾਬਕਾ ਸਰਪੰਚ ਸੁਖਦੀਪ ਸਿੰਘ ਚੀਮਾ ਹਾਜ਼ਰ ਸਨ।

### ਓਲੰਪੀਆਡ ਪ੍ਰੀਖਿਆਵਾਂ ਵਿੱਚ ਨੈਸ਼ਨਲ ਲੈਵਲ ਤੇ

# ਸੇਂਟ ਸੋਲਜਰ ਸਕੂਲ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ




**ਜੰਡਿਆਲਾ ਗੁਰੂ, 26 ਮਈ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕੋਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਵਿਦਿਆਰਥੀਆਂ ਨੇ ਭਾਰਤ ਓਲੰਪੀਆਡ ਫਾਊਂਡੇਸ਼ਨ (ਬੀ ਓ ਫ) ਨੈਸ਼ਨਲ ਪੱਧਰ ਦੀ ਪ੍ਰੀਖਿਆ 2025 26 ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਕੂਲ ਦਾ ਨਾਮ ਰੋਸ਼ਨ ਕੀਤਾ। ਇਸੇ ਤਹਿਤ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਨੂੰ ਨੈਸ਼ਨਲ ਪੱਧਰ ਤੇ ਸਕੂਲ ਟੋਪਰ ਦੇ ਅਵਾਰਡ ਨਾਲ ਵੀ ਸਨਮਾਨਿਤ ਕੀਤਾ ਗਿਆ।ਇਹਨਾਂ ਪ੍ਰੀਖਿਆਵਾਂ ਵਿੱਚ ਸਕੂਲ ਦੇ 10 ਵਿਦਿਆਰਥੀਆਂ ਨੇ ਨੈਸ਼ਨਲ ਲੈਵਲ ਤੇ ਟੋਪ ਕੀਤਾ । ਜਿੰਨਾ ਵਿੱਚ ਅਭੀ ਰੂਪ ਕੌਰ, ਗੁਰਲੀਨ ਕੌਰ, ਗੁਰਨੂਰ ਪ੍ਰੀਤ ਕੌਰ, ਹਰਸਿਮਰਤ ਕੌਰ, ਲਵਪ੍ਰੀਤ ਕੌਰ, ਮੁਸਕਾਨ ਪ੍ਰੀਤ ਕੌਰ ,ਨਵਦੀਪ ਕੌਰ ਪਰਮੀਤ ਕੌਰ, ਸਮਰਪ੍ਰੀਤ ਕੌਰ , ਸਿਮਰਨਜੀਤ ਕੌਰ ਨੂੰ ਨੈਸ਼ਨਲ ਟੋਪਰ ਖਿਤਾਬ ਦੇ ਨਾਲ ਗੋਲਡ ਮੈਡਲ ਅਤੇ ਸਮਾਰਟ ਘੜੀਆਂ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਦੇ ਲਈ ਬਹੁਤ ਮਾਣ ਵਾਲੀ ਗੱਲ ਰਹੀ ਕਿ ਸਕੂਲ ਦੀ ਬਾਰਵੀਂ ਜਮਾਤ ਦੀ ਵਿਦਿਆਰਥਨ ਗੁਰਲੀਨ ਕੌਰ ਨੇ ਨੈਸ਼ਨਲ ਲੈਵਲ ਤੇ ਪਹਿਲਾ ਰੈਂਕ ਹਾਸਲ ਕਰਕੇ 10 ਹਜਾਰ ਰੁਪਏ ਦਾ ਨਗਦ ਇਨਾਮ ਵੀ ਜਿੱਤਿਆ। ਇਸੇ ਤਹਿਤ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ ਜੀ ਨੂੰ ਉਹਨਾਂ ਦੀ ਮਿਹਨਤ ਅਤੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਇਹਨਾਂ ਪ੍ਰੀਖਿਆਵਾਂ ਵਿੱਚ ਹਿੱਸਾ ਲੈਣ ਲਈ ਉਤਸਾਹਿਤ ਕਰਨ ਤੇ ਬੀ ਓ ਐਫ ਐਕਸੀਲੈਂਸ ਐਵਾਰਡ ਦੇ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਵਿਦਿਆਰਥੀਆਂ ਅਤੇ ਸਮਰਪਿਤ ਅਧਿਆਪਕਾਂ ਦੀ ਸਖਤ ਮਿਹਨਤ ਅਤੇ ਦ੍ਰਿੜ ਇਰਾਦੇ ਦੀ ਭਰਪੂਰ ਸ਼ਲਾਘਾ ਕੀਤੀ ਜਿਨਾਂ ਦੇ ਸਮੂਹਿਕ ਯਤਨਾਂ ਦਾ ਕਰਕੇ ਇਸ ਸ਼ਾਨਦਾਰ ਪ੍ਰਾਪਤੀ ਨੂੰ ਸੰਭਵ ਬਣਾਇਆ ਗਿਆ। ਉਹਨਾਂ ਕਿਹਾ ਕਿ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਇਹਨਾਂ ਪ੍ਰੀਖਿਆਵਾਂ ਵਿੱਚ ਭਾਗ ਲੈਣ ਲਈ ਵੱਧ ਤੋਂ ਵੱਧ ਉਤਸਾਹਿਤ ਕੀਤਾ ਜਾਂਦਾ ਹੈ ਇਸ ਨਾਲ ਵਿਦਿਆਰਥੀਆਂ ਨੂੰ ਕੰਪੀਟੀਟਿਵ ਪ੍ਰੀਖਿਆਵਾਂ ਦੀ ਤਿਆਰੀ ਵਿੱਚ ਵੀ ਮਦਦ ਮਿਲਦੀ ਹੈ। ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ ਜੀ ਨੇ ਕਿਹਾ ਕਿ ਸੇਂਟ ਸੋਲਜਰ ਪਰਿਵਾਰ ਲਈ,ਸਕੂਲ ਟੋਪਰ ਐਵਾਰਡ ਪ੍ਰਾਪਤ ਕਰਨਾ ਅਤੇ ਸਕੂਲ ਦੇ ਵਿਦਿਆਰਥੀਆਂ ਦਾ ਨੈਸ਼ਨਲ ਪੱਧਰ ਤੇ ਸ਼ਾਨਦਾਰ ਪ੍ਰਦਰਸ਼ਨ ਕਰਨਾ ਬੜੇ ਮਾਣ ਵਾਲੀ ਗੱਲ ਹੈ ਉਹਨਾਂ ਨੇ ਜੇਤੂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਉਹਨਾਂ ਦੀ ਨਿਰੰਤਰ ਸਫਲਤਾ ਲਈ ਕਾਮਨਾ ਕੀਤੀ। ਉਹਨਾਂ ਕਿਹਾ ਕਿ ਅਜਿਹੀਆਂ ਸਫਲਤਾਵਾਂ ਸਾਡੇ ਸਕੂਲ ਵੱਲੋਂ ਦਿੱਤੀ ਜਾਣ ਵਾਲੀ ਗੁਣਵੱਤਾ ਵਾਲੀ ਸਿੱਖਿਆ ਅਤੇ ਸਹੀ ਮਾਰਗਦਰਸ਼ਨ ਕਰਕੇ ਹੈ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ, ਨੀਲਾਕਸ਼ੀ ਗੁਪਤਾ ਕੁਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091283

# ਅੱਜ ਅਰੋੜਾ ਮਹਾਂ ਸਭਾ ਫ਼ਿਰੋਜ਼ਪੁਰ ਵਿਖੇ ਲੱਗੇਗਾ ਮੁਫਤ ਚੈਕਅਪ ਕੈਂਪ

ਫ਼ਿਰੋਜ਼ਪੁਰ, 26 ਮਈ (ਮਨੋਹਰ ਲਾਲ) :— ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ ਅਤੇ ਅਰੋੜਾ ਮਹਾ ਸਭਾ ਫਿਰੋਜ਼ਪੁਰ ਦੇ ਸਹਿਯੋਗ ਨਾਲ 27 ਮਈ 2026 ਮੁਫ਼ਤ ਬੀ.ਐਮ.ਡੀ ਅਤੇ ਯੂਰਿਕ ਐਸਿਡ ਟੈਸਟ ਕੈਂਪ ਦਾ ਆਯੋਜਨ ਕੀਤਾ ਜਾਵੇਗਾ। ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ ਮੰਗਲਵਾਰ, 27 ਮਈ 2026 ਨੂੰ ਅਰੋੜਾ ਮਹਾ ਸਭਾ ਫਿਰੋਜ਼ਪੁਰ ਦੇ ਸਹਿਯੋਗ ਨਾਲ ਇੱਕ ਮੁਫ਼ਤ ਹੱਡੀਆਂ ਦੀ ਖਣਿਜ ਘਣਤਾ ਅਤੇ ਯੂਰਿਕ ਐਸਿਡ ਟੈਸਟ ਕੈਂਪ ਦਾ ਆਯੋਜਨ ਕਰ ਰਿਹਾ ਹੈ। ਇਹ ਕੈਂਪ ਸਵੇਰੇ 10:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਅਰੋੜਾ ਮਹਾਂ ਸਭਾ ਫਿਰੋਜ਼ਪੁਰ ਵਿਖੇ ਆਯੋਜਿਤ ਕੀਤਾ ਜਾਵੇਗਾ। ਇਹ ਕੈਂਪ ਸ਼੍ਰੀ ਅਰੂਟ ਮਹਾਰਾਜ ਜੀ ਦੇ ਜਨਮ ਦਿਵਸ ਨੂੰ ਮਨਾਉਣ ਲਈ ਆਯੋਜਿਤ ਕੀਤਾ ਜਾ ਰਿਹਾ ਹੈ ਅਤੇ ਇਸ ਦਾ ਉਦੇਸ਼ ਓਸਟੀਓਪੋਰੋਸਿਸ, ਗਠੀਆ ਅਤੇ ਗਠੀਆ ਨਾਲ ਸਬੰਧਤ ਸਥਿਤੀਆਂ ਦਾ ਜਲਦੀ ਪਤਾ ਲਗਾ ਕੇ ਰੋਕਥਾਮ ਸਿਹਤ ਸੰਭਾਲ ਨੂੰ ਉਤਸ਼ਾਹਿਤ ਕਰਨਾ ਹੈ। ਬੀ.ਐਮ.ਡੀ ਟੈਸਟਿੰਗ ਹੱਡੀਆਂ ਦੀ ਤਾਕਤ ਅਤੇ ਫ੍ਰੈਕਚਰ ਦੇ ਜੋਖਮ ਦਾ ਮੁਲਾਂਕਣ ਕਰਨ ਵਿੱਚ ਮੱਦਦ ਕਰਦੀ ਹੈ, ਜਦੋਂ ਕਿ ਗਠੀਆ ਅਤੇ ਗੁਰਦੇ ਦੀਆਂ ਸਮੱਸਿਆਵਾਂ ਵਰਗੀਆਂ ਸਥਿਤੀਆਂ ਦੀ ਪਛਾਣ ਕਰਨ ਲਈ ਯੂਰਿਕ ਐਸਿਡ ਟੈਸਟਿੰਗ ਜ਼ਰੂਰੀ ਹੈ। ਫਿਰੋਜ਼ਪੁਰ ਅਤੇ ਨੇੜਲੇ ਖੇਤਰਾਂ ਦੇ ਸਾਰੇ ਨਿਵਾਸੀਆਂ ਨੂੰ ਮੁਫ਼ਤ ਜਾਂਚ ਅਤੇ ਸਲਾਹ ਮਸ਼ਵਰੇ ਦਾ ਲਾਭ ਉਠਾਉਣ ਲਈ ਸੱਦਾ ਦਿੱਤਾ ਜਾਂਦਾ ਹੈ। ਇਸ ਤਰ੍ਹਾਂ ਦੇ ਕਮਿਊਨਿਟੀ ਸਿਹਤ ਕੈਂਪ ਸਾਡੇ ਮਿਸ਼ਨ ਨੂੰ ਦਰਸਾਉਂਦੇ ਹਨ ਕਿ ਅਸੀਂ ਲੋਕਾਂ ਦੇ ਦਰਵਾਜ਼ੇ ਤੱਕ ਸਿੱਧੇ ਤੌਰ ਤੇ ਰੋਕਥਾਮ ਸੰਭਾਲ ਪਹੁੰਚਾਈਏ। ਇਸ ਮੌਕੇ ਤੇ ਅਰੋੜਾ ਮਹਾਂ ਸਭਾ ਨਾਲ ਭਾਈਵਾਲੀ ਕਰਨ ਨਾਲ ਸਾਨੂੰ ਹੱਡੀਆਂ ਅਤੇ ਜੋੜਾਂ ਦੀ ਸਿਹਤ ਬਾਰੇ ਜਾਗਰੂਕਤਾ ਫੈਲਾਉਣ ਵਿੱਚ ਮਦਦ ਮਿਲਦੀ ਹੈ, ਜਿਸ ਨੂੰ ਅਕਸਰ ਉਦੋਂ ਤੱਕ ਨਜ਼ਰ ਅੰਦਾਜ਼ ਕੀਤਾ ਜਾਂਦਾ ਹੈ ਜਦੋਂ ਤੱਕ ਇਹ ਨਾਜ਼ੁਕ ਨਹੀਂ ਹੋ ਜਾਂਦਾ ਹੈ। ਗੱਲਬਾਤ ਕਰਦਿਆਂ ਅਮਨਦੀਪ ਹਸਪਤਾਲ ਦੇ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਅਮਨਦੀਪ ਹਸਪਤਾਲ ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ, ਕਮਿਊਨਿਟੀ ਸਿਹਤ ਪਹਿਲ ਕਦਮੀਆਂ ਲਈ ਵਚਨਬੱਧ ਹੈ ਜੋ ਗੁਣਵੱਤਾ ਵਾਲੀਆਂ ਡਾਇਗਨੌਸਟਿਕ ਸੇਵਾਵਾਂ ਨੂੰ ਸਾਰਿਆਂ ਲਈ ਪਹੁੰਚਯੋਗ ਅਤੇ ਕਿਫਾਇਤੀ ਬਣਾਉਂਦੇ ਹਨ। ਅਮਨਦੀਪ ਸਮੂਹ ਛੇ ਰਣਨੀਤਕ ਸਥਾਨਾਂ ਤੇ 750 ਤੋਂ ਵੱਧ ਬਿਸਤਰਿਆਂ ਅਤੇ 170 ਤੋਂ ਵੱਧ ਮਾਹਰ ਡਾਕਟਰਾਂ ਦੇ ਨਾਲ ਇੱਕ ਪ੍ਰਮੁੱਖ ਸਿਹਤ ਸੰਭਾਲ ਨੈਟਵਰਕ ਬਣ ਗਿਆ ਹੈ ਅਤੇ 25 ਲੱਖ ਤੋਂ ਵੱਧ ਮਰੀਜ਼ਾਂ ਦੀ ਸੇਵਾ ਕਰਨ ਦੀ ਵਿਰਾਸਤ ਦੇ ਨਾਲ, ਸਮੂਹ ਪਹੁੰਚਯੋਗ, ਕਿਫਾਇਤੀ ਅਤੇ ਗੁਣਵੱਤਾ ਵਾਲੀ ਸਿਹਤ ਸੰਭਾਲ ਲਈ ਪੱਧਰ ਉੱਚਾ ਕਰਨਾ ਜਾਰੀ ਰੱਖਦਾ ਹੈ।






ਨਗਰ ਕੌਂਸਲ ਚੋਣਾਂ ਦੌਰਾਨ ਆਪਣੇ ਮੱਤ ਦਾ ਇਸਤੇਮਾਲ ਕਰਨ ਉਪਰੰਤ ਜਗਜੀਤ ਸਿੰਘ ਭੁੱਲਰ। ਫੋਟੋ : ਮਨੋਹਰ ਲਾਲ ਪੱਤਰਕਾਰ

# ਰਾਮ ਰਹੀਮ ਨੂੰ ਮੁੜ ਪੈਰੋਲ, ਪਰ ਬੰਦੀ ਸਿੰਘਾਂ ਲਈ ਚੁੱਪੀ ਕਿਉਂ. ?": ਬੀਬੀ ਰਣਜੀਤ ਕੌਰ



ਨਵੀਂ ਦਿੱਲੀ 26 ਮਈ (ਮਨਪ੍ਰੀਤ ਸਿੰਘ ਖਾਲਸਾ):- ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਮੁੜ 30 ਦਿਨਾਂ ਦੀ ਪੈਰੋਲ ਮਿਲਣ 'ਤੇ ਸਿੱਖ ਹਲਕਿਆਂ ਵਿੱਚ ਤਿੱਖਾ ਰੋਸ ਪਾਇਆ ਜਾ ਰਿਹਾ ਹੈ।ਇਸ ਮਾਮਲੇ 'ਤੇ ਦਿੱਲੀ ਗੁਰਦੁਆਰਾ ਕਮੇਟੀ ਦੇ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਕੜੇ ਸ਼ਬਦਾਂ ਵਿੱਚ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਇਹ ਫੈਸਲਾ ਸਿੱਖ ਪੰਥ ਦੇ ਹਿਰਦੇ ਉਪਰ ਗਹਿਰੀ ਚੋਟ ਹੈ ਅਤੇ ਦੇਸ਼ ਦੇ ਨਿਆਂ ਪ੍ਰਣਾਲੀ ਉਪਰ ਵੱਡੇ ਸਵਾਲ ਖੜੇ ਕਰਦਾ ਹੈ। 2020 ਤੋਂ ਬਾਅਦ ਇਹ ਉਸਦੀ ਜੇਲ੍ਹ ਤੋਂ 16ਵੀਂ ਅਸਥਾਈ ਰਿਹਾਈ ਹੈ। ਬੀਬੀ ਰਣਜੀਤ ਕੌਰ ਨੇ ਕਿਹਾ ਕਿ ਇਕ ਪਾਸੇ ਬੰਦੀ ਸਿੰਘ, ਜੋ ਆਪਣੀਆਂ ਬਣਦੀਆਂ ਸਜ਼ਾਵਾਂ ਤੋਂ ਵੀ ਵੱਧ ਸਮਾਂ ਵੱਖ-ਵੱਖ ਜੇਲ੍ਹਾਂ ਵਿੱਚ ਕੱਟ ਚੁੱਕੇ ਹਨ, ਉਨ੍ਹਾਂ ਦੀ ਰਿਹਾਈ ਬਾਰੇ ਸਰਕਾਰਾਂ ਅਤੇ ਪ੍ਰਸ਼ਾਸਨ ਵੱਲੋਂ ਕੋਈ ਗੰਭੀਰ ਗੱਲਬਾਤ ਨਹੀਂ ਕੀਤੀ ਜਾ ਰਹੀ। ਦੂਜੇ ਪਾਸੇ ਗੰਭੀਰ ਦੋਸ਼ਾਂ ਵਿੱਚ ਸਜ਼ਾਵਾਂ ਕੱਟ ਰਹੇ ਲੋਕਾਂ ਨੂੰ ਵਾਰ-ਵਾਰ ਪੈਰੋਲ ਅਤੇ ਫਰਲੋ ਦਿੱਤੀ ਜਾ ਰਹੀ ਹੈ। ਉਨ੍ਹਾਂ ਸੁਆਲ ਕਰਦਿਆਂ ਕਿਹਾ ਕਿ ਇਹ ਦੋਹਰਾ ਮਾਪਦੰਡ ਸਿੱਖ ਕੌਮ ਨੂੰ ਵਾਰ-ਵਾਰ ਦੂਜੇ ਦਰਜੇ ਦੇ ਨਾਗਰਿਕ ਹੋਣ ਦਾ ਅਹਿਸਾਸ ਕਰਵਾ ਰਿਹਾ ਹੈ।"ਜੇ ਲੋਕਤੰਤਰ ਵਿੱਚ ਹਰ ਨਾਗਰਿਕ ਲਈ ਕਾਨੂੰਨ ਇਕਸਾਰ ਹੈ ਤਾਂ ਫਿਰ ਬੰਦੀ ਸਿੰਘਾਂ ਲਈ ਵੱਖਰੇ ਮਾਪਦੰਡ ਕਿਉਂ ਅਪਣਾਏ ਜਾ ਰਹੇ ਹਨ ?" । ਬੀਬੀ ਰਣਜੀਤ ਕੌਰ ਨੇ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਸਿੱਖ ਭਾਵਨਾਵਾਂ ਨਾਲ ਲਗਾਤਾਰ ਖਿਲਵਾੜ ਕਰਨਾ ਦੇਸ਼ ਦੀ ਲੋਕਤੰਤਰਿਕ ਛਵੀ ਉਪਰ ਵੱਡਾ ਧੱਬਾ ਹੈ। ਉਨ੍ਹਾਂ ਮੰਗ ਕੀਤੀ ਕਿ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਤੁਰੰਤ ਨਿਆਂਪੂਰਨ ਫੈਸਲੇ ਕੀਤੇ ਜਾਣ ਅਤੇ ਸਾਰਿਆਂ ਲਈ ਇਕਸਾਰ ਕਾਨੂੰਨੀ ਪ੍ਰਕਿਰਿਆ ਲਾਗੂ ਕੀਤੀ ਜਾਵੇ।

### ਨਗਰ ਕੌਂਸਲ ਚੋਣਾਂ 'ਚ ਵੋਟਿੰਗ ਦੌਰਾਨ ਸ਼ਹਿਰ ਵਾਸੀਆਂ ਨੇ

# ਭਾਈਚਾਰਕ ਸਾਂਝ ਬਰਕਰਾਰ ਦਾ ਦਿੱਤਾ ਸਬੂਤ : ਮੈਡਮ ਸਰਬਜੀਤ ਕੌਰ




**ਜੰਡਿਆਲਾ ਗੁਰੂ, 26 ਮਈ (ਕੁਲਵੰਤ ਸਿੰਘ ਵਿਰਦੀ)**-ਨਗਰ ਕੌਂਸਲ ਚੋਣਾਂ ਜੰਡਿਆਲਾ ਗੁਰੂ ਵਿਖੇ ਸਹਿਰ ਵਾਸੀਆਂ ਵੱਲੋਂ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਦਿਆਂ ਹੋਇਆਂ ਅਮਨ ਅਮਾਨ ਨਾਲ ਵੋਟਿੰਗ ਕਰਕੇ ਸੂਝਵਾਨ ਵੋਟਰ ਹੋਣ ਦਾ ਸਬੂਤ ਦਿੱਤਾ ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਹਲਕਾ ਜੰਡਿਆਲਾ ਗੁਰੂ ਤੋਂ ਸੋਸ਼ਲ ਮੀਡੀਆ ਵਾਈਸ ਕੋਆਰਡੀਨੇਟਰ ਮੈਡਮ ਸਰਬਜੀਤ ਕੌਰ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਾਰਡ ਨੰਬਰ 12 ਤੋਂ ਇਲੈਕਸ਼ਨ ਲੜ ਰਹੇ ਉਮੀਦਵਾਰ ਐਡਵੋਕੇਟ ਅਮਨਦੀਪ ਸਿੰਘ ਜੀ ਦੇ ਹੱਕ ਵਿੱਚ ਅੱਜ ਮੈਂ ਮੇਰਾ ਪ੍ਰੀਵਾਰ ਆਪਣੇ ਮਹੁੱਲਾ ਵਾਸੀਆਂ ਨਾਲ ਵੋਟ ਕਰਨ ਲਈ ਅਤੇ ਸਪੋਟ ਕਰਨ ਲਈ ਵੋਟਿੰਗ ਬੂਥ ਤੇ ਪਹੁੰਚੇ ਹਾਂ । ਅੱਗੇ ਉਨਾਂ ਕਿਹਾ ਕਿ ਨਗਰ ਕੌਂਸਲ ਚੋਣਾਂ ਜੰਡਿਆਲਾ ਗੁਰੂ ਵਿੱਚ ਆਮ ਆਦਮੀ ਪਾਰਟੀ ਪੂਰੇ ਬਹੁਮਤ ਨਾਲ ਕਾਬਜ ਹੋਵੇਗੀ ! ਅੱਗੇ ਉਨਾਂ ਅਪੀਲ ਕਰਦਿਆ ਹੋਇਆ ਕਿਹਾ ਕਿ ਸਹਿਰ ਭਰ ਤੋਂ ਲੈ ਕਿ ਦੇਸ ਭਰ ਦੇ ਸਮੂਹ ਵੋਟਰਾਂ ਨੂੰ ਆਪਣੀ ਵੋਟ ਦਾ ਹੱਕ ਜਿਤਾਉਂਦੇ ਹੋਏ ਵੋਟ ਦਾ ਇਸਤੇਮਾਲ ਜਰੂਰ ਕਰਨਾ ਚਾਹੀਦਾ ਹੈ !

### ਭਾਗੀਵਾਂਦਰ ਦੀ 13 ਨੰਬਰ ਗਲੀ ਵਿੱਚ ਖੜ੍ਹੇ ਪਾਣੀ ਨੇ ਵਧਾਈ ਲੋਕਾਂ ਦੀ ਮੁਸ਼ਕਲ

# ਔਰਤਾਂ ਨੇ ਪੰਜਾਬ ਸਰਕਾਰ ਖ਼ਿਲਾਫ਼ ਕੀਤੀ ਨਾਅਰੇਬਾਜ਼ੀ



**ਭਾਗੀਵਾਂਦਰ, 26 ਮਈ (ਗੁਰਜੰਟ ਸਿੰਘ ਨਥੇਹਾ)**- ਪਿੰਡ ਭਾਗੀਵਾਂਦਰ ਦੀ 13 ਨੰਬਰ ਗਲੀ ਵਿੱਚ ਲੰਬੇ ਸਮੇਂ ਤੋਂ ਖੜ੍ਹੇ ਗੰਦੇ ਪਾਣੀ ਕਾਰਨ ਲੋਕਾਂ ਦੀ ਜ਼ਿੰਦਗੀ ਬਹੁਤ ਪ੍ਰਭਾਵਿਤ ਹੋ ਰਹੀ ਹੈ। ਗਲੀ ਦੇ ਵਸਨੀਕਾਂ, ਖ਼ਾਸ ਕਰਕੇ ਔਰਤਾਂ ਨੇ ਇਕੱਠੇ ਹੋ ਕੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਗਲੀ ਨੂੰ ਉੱਚਾ ਚੁੱਕ ਕੇ ਨਵੀਂ ਤਰ੍ਹਾਂ ਬਣਾਇਆ ਜਾਵੇ ਤਾਂ ਜੋ ਉਹਨਾਂ ਨੂੰ ਆ ਰਹੀਆਂ ਦਿਕ.ਤਾਂ ਤੋਂ ਰਾਹਤ ਮਿਲ ਸਕੇ। ਪ੍ਰਦਰਸ਼ਨ ਦੌਰਾਨ ਗਲੀ ਦੀਆਂ ਔਰਤਾਂ ਜਗਦੇਵ ਕੌਰ ਅਤੇ ਕਰਮਜੀਤ ਕੌਰ ਨੇ ਦੱਸਿਆ ਕਿ ਗਲੀ ਵਿੱਚ ਹਰ ਸਮੇਂ ਪਾਣੀ ਖੜ੍ਹਾ ਰਹਿੰਦਾ ਹੈ ਜਿਸ ਕਾਰਨ ਘਰਾਂ ਤੋਂ ਬਾਹਰ ਨਿਕਲਣਾ ਵੀ ਮੁਸ਼ਕਲ ਬਣ ਗਿਆ ਹੈ। ਉਹਨਾਂ ਕਿਹਾ ਕਿ ਸੜਕ ਵੱਲ ਜਾਣ ਲਈ ਉਹਨਾਂ ਨੂੰ ਗੰਦੇ ਪਾਣੀ ਵਿਚੋਂ ਲੰਘ ਕੇ ਜਾਣਾ ਪੈਂਦਾ ਹੈ ਅਤੇ ਕਈ ਵਾਰ ਛੋਟੇ ਬੱਚੇ ਇਸ ਪਾਣੀ ਵਿੱਚ ਫਿਸਲ ਕੇ ਡਿੱਗ ਜਾਂਦੇ ਹਨ। ਉਹਨਾਂ ਦੱਸਿਆ ਕਿ ਸਕੂਲ ਜਾਣ ਵਾਲੇ ਬੱਚਿਆਂ ਨੂੰ ਹਰ ਰੋਜ਼ ਇਸ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ ਜਿਸ ਨਾਲ ਮਾਪਿਆਂ ਵਿੱਚ ਵੀ ਚਿੰਤਾ ਬਣੀ ਰਹਿੰਦੀ ਹੈ। ਉਹਨਾਂ ਕਿਹਾ ਕਿ ਗਲੀ ਵਿੱਚ ਪਾਣੀ ਖੜ੍ਹਨ ਨਾਲ ਮੱਛਰ ਅਤੇ ਗੰਦਗੀ ਵਧ ਰਹੀ ਹੈ ਜਿਸ ਕਾਰਨ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੋਇਆ ਹੈ। ਗਰਮੀ ਦੇ ਮੌਸਮ ਵਿੱਚ ਹਾਲਾਤ ਹੋਰ ਵੀ ਖ਼ਰਾਬ ਹੋ ਜਾਂਦੇ ਹਨ ਅਤੇ ਲੋਕਾਂ ਦਾ ਘਰਾਂ ਵਿੱਚ ਰਹਿਣਾ ਵੀ ਔਖਾ ਹੋ ਜਾਂਦਾ ਹੈ। ਔਰਤਾਂ ਨੇ ਦੱਸਿਆ ਕਿ ਇਸ ਸਬੰਧੀ ਕਈ ਵਾਰ ਪੰਚਾਇਤ ਅਤੇ ਸੰਬੰਧਿਤ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਜਾ ਚੁੱਕਾ ਹੈ ਪਰ ਅਜੇ ਤੱਕ ਕੋਈ ਪੱਕਾ ਹੱਲ ਨਹੀਂ ਕੀਤਾ ਗਿਆ। ਗਲੀ ਵਾਸੀਆਂ ਨੇ ਕਿਹਾ ਕਿ ਚੋਣਾਂ ਦੌਰਾਨ ਤਾਂ ਵੱਡੇ-ਵੱਡੇ ਵਾਅਦੇ ਕੀਤੇ ਜਾਂਦੇ ਹਨ ਪਰ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ। ਉਹਨਾਂ ਹਲਕਾ ਵਿਧਾਇਕ ਬਲਜਿੰਦਰ ਕੌਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਜਲਦ ਤੋਂ ਜਲਦ ਗਲੀ ਦੀ ਸਾਰ ਲੈ ਕੇ ਇਸ ਨੂੰ ਉੱਚਾ ਚੁੱਕ ਕੇ ਬਣਾਇਆ ਜਾਵੇ ਤਾਂ ਜੋ ਲੋਕਾਂ ਨੂੰ ਗੰਦੇ ਪਾਣੀ ਅਤੇ ਬਿਮਾਰੀਆਂ ਤੋਂ ਛੁਟਕਾਰਾ ਮਿਲ ਸਕੇ।

# 328 ਪਾਵਨ ਸਰੂਪਾਂ ਦੇ ਮਾਮਲੇ 'ਤੇ ਬਣੀ ਸਿੱਟ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਅਧਿਕਾਰਾਂ ਵਿਚ ਦੇ ਰਹੀ ਹੈ ਦਖ਼ਲ- ਐਡਵੋਕੇਟ ਧਾਮੀ

## ਵਿਸ਼ੇਸ਼ ਜਾਂਚ ਟੀਮ ਵੱਲੋਂ ਮੰਗੀਆਂ ਜਾ ਰਹੀਆਂ ਹਨ ਗੈਰ ਜ਼ਰੂਰੀ ਜਾਣਕਾਰੀਆਂ



**ਨਵੀਂ ਦਿੱਲੀ, 26 ਮਈ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਸਰਕਾਰ ਵੱਲੋਂ 328 ਪਾਵਨ ਸਰੂਪਾਂ ਦੇ ਮਾਮਲੇ ਸਬੰਧੀ ਬਣਾਈ ਗਈ ਵਿਸ਼ੇਸ਼ ਜਾਂਚ ਟੀਮ (ਸਿੱਟ) ਦੀ ਕਾਰਗੁਜ਼ਾਰੀ 'ਤੇ ਗੰਭੀਰ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਹੈ ਕਿ ਸਿੱਟ ਆਪਣੇ ਅਧਿਕਾਰ ਖੇਤਰ ਤੋਂ ਬਾਹਰ ਜਾ ਕੇ ਸ਼੍ਰੋਮਣੀ ਕਮੇਟੀ ਦੇ ਅੰਦਰੂਨੀ ਅਤੇ ਪ੍ਰਬੰਧਕੀ ਮਾਮਲਿਆਂ ਵਿੱਚ ਗੈਰ-ਜ਼ਰੂਰੀ ਦਖਲਅੰਦਾਜ਼ੀ ਕਰ ਰਹੀ ਹੈ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਜਾਂਚ ਦੇ ਨਾਮ ਹੇਠ ਸਿੱਖਾਂ ਦੀ ਪ੍ਰਮੁੱਖ ਧਾਰਮਿਕ ਸੰਸਥਾ ਦੀ ਸੰਵਿਧਾਨਕ ਹਸਤੀ ਨੂੰ ਸੱਟ ਮਾਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਨੂੰ ਕਿਸੇ ਵੀ ਸੂਰਤ ਵਿੱਚ ਸਵੀਕਾਰ ਨਹੀਂ ਕੀਤਾ ਜਾ ਸਕਦਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਸ਼ੁਰੂ ਤੋਂ ਹੀ ਪੂਰੀ ਸੁਹਿਰਦਤਾ ਅਤੇ ਪਾਰਦਰਸ਼ਤਾ ਨਾਲ ਜਾਂਚ ਟੀਮ ਨੂੰ ਸਹਿਯੋਗ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਨੂੰ ਮੁੱਖ ਰੱਖਦਿਆਂ ਸਿੱਟ ਨੂੰ ਹਰ ਲੋੜੀਂਦੀ ਜਾਣਕਾਰੀ ਅਤੇ ਸਹਾਇਤਾ ਪ੍ਰਦਾਨ ਕੀਤੀ ਗਈ, ਪਰੰਤੂ ਦੁੱਖ ਦੀ ਗੱਲ ਹੈ ਕਿ ਸਿੱਟ ਨੇ ਇਸ ਸਹਿਯੋਗ ਨੂੰ ਸਮਝਣ ਦੀ ਬਜਾਏ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਅਤੇ ਅੰਦਰੂਨੀ ਮਾਮਲਿਆਂ ਨੂੰ ਆਪਣੇ ਏਜੰਡੇ ਦਾ ਹਿੱਸਾ ਬਣਾ ਲਿਆ ਹੈ। ਉਨ੍ਹਾਂ ਕਿਹਾ ਕਿ ਸਿੱਟ ਵੱਲੋਂ ਲਗਾਤਾਰ ਅਜਿਹੀਆਂ ਜਾਣਕਾਰੀਆਂ ਮੰਗੀਆਂ ਜਾ ਰਹੀਆਂ ਹਨ, ਜਿਨ੍ਹਾਂ ਦਾ 328 ਪਾਵਨ ਸਰੂਪਾਂ ਦੇ ਮਾਮਲੇ ਨਾਲ ਦੂਰ-ਦੂਰ ਤੱਕ ਕੋਈ ਸੰਬੰਧ ਨਹੀਂ ਬਣਦਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਤਰਾਜ਼ ਜਤਾਉਂਦਿਆਂ ਕਿਹਾ ਕਿ ਸਿੱਟ ਵੱਲੋਂ ਸ਼੍ਰੋਮਣੀ ਕਮੇਟੀ ਦੇ ਵਿੱਤੀ ਖਾਤਿਆਂ, ਬੈਂਕ ਲੈਣ-ਦੇਣ ਅਤੇ ਸਮੁੱਚੇ ਆਰਥਿਕ ਵੇਰਵਿਆਂ ਦੀ ਮੰਗ ਕਰਨਾ ਉਸ ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦਾ। ਉਨ੍ਹਾਂ ਕਿਹਾ ਕਿ ਕਦੇ ਸਿੱਟ ਆਪਣੇ ਨੁਮਾਇੰਦਿਆਂ ਨੂੰ ਬੈਂਕਾਂ ਵਿੱਚ ਭੇਜ ਕੇ ਖਾਤਿਆਂ ਦੀ ਜਾਣਕਾਰੀ ਇਕੱਠੀ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਅਤੇ ਕਦੇ ਪੱਤਰਾਂ ਰਾਹੀਂ ਵਿਸਥਾਰਪੂਰਵਕ ਵਿੱਤੀ ਵੇਰਵੇ ਮੰਗੇ ਜਾ ਰਹੇ ਹਨ। ਹੁਣ ਸਿੱਟ ਵੱਲੋਂ ਨਿੱਜੀ ਚੈਨਲਾਂ ਈਟੀਸੀ ਅਤੇ ਜੀ ਨੈਕਸਟ ਮੀਡੀਆ ਨਾਲ ਬੀਤੇ ਲੰਬੇ ਸਮੇਂ ਦੌਰਾਨ ਗੁਰਬਾਣੀ ਕੀਰਤਨ ਸਬੰਧੀ ਕੀਤੇ ਗਏ ਸਮਝੌਤਿਆਂ ਦੇ ਵੇਰਵੇ ਵੀ ਮੰਗੇ ਗਏ ਹਨ, ਜਿਨ੍ਹਾਂ ਦਾ 328 ਪਾਵਨ ਸਰੂਪਾਂ ਨਾਲ ਕੋਈ ਸੰਬੰਧ ਨਹੀਂ ਬਣਦਾ। ਇਥੋਂ ਤਕ ਕਿ ਜਿਹੜੀ ਜਾਣਕਾਰੀਆਂ ਪਹਿਲਾਂ ਹੀ ਸਿੱਟ ਨੂੰ ਦਿੱਤੀਆਂ ਜਾ ਚੁੱਕੀਆਂ ਹਨ, ਉਨ੍ਹਾਂ ਬਾਰੇ ਬਾਰ-ਬਾਰ ਦੁਬਾਰਾ ਪੱਤਰ ਭੇਜ ਕੇ ਫਿਰ ਜਾਣਕਾਰੀ ਮੰਗੀ ਜਾ ਰਹੀ ਹੈ। ਇਹ ਸਭ ਕੁਝ ਜਾਂਚ ਦੇ ਮੂਲ ਮਕਸਦ ਤੋਂ ਬਾਹਰ ਜਾ ਕੇ ਕੀਤਾ ਜਾ ਰਿਹਾ ਹੈ। ਜਾਂਚ ਟੀਮ ਦੇ ਸਵਾਲ ਅਤੇ ਮਨਮਰਜ਼ੀ ਨਾਲ ਮੰਗੀਆਂ ਜਾ ਰਹੀਆਂ ਜਾਣਕਾਰੀਆਂ ਇਸ ਗੱਲ ਵੱਲ ਇਸ਼ਾਰਾ ਕਰਦੀਆਂ ਹਨ ਕਿ ਉਹ ਅਸਲ ਜਾਂਚ ਤੋਂ ਹਟ ਕੇ ਕਿਸੇ ਹੋਰ ਮਨਸੂਬੇ ਤਹਿਤ ਕੰਮ ਕਰ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇੰਝ ਮਹਿਸੂਸ ਹੁੰਦਾ ਹੈ ਕਿ ਪੰਜਾਬ ਸਰਕਾਰ ਸਿੱਟ ਦੇ ਜ਼ਰੀਏ ਸਿੱਖਾਂ ਦੀ ਸਿਰਮੌਰ ਸੰਸਥਾ ਦੇ ਸੰਵਿਧਾਨਕ ਅਧਿਕਾਰਾਂ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਸ਼੍ਰੋਮਣੀ ਕਮੇਟੀ ਦਾ ਮਾਮਲਾ ਨਹੀਂ, ਸਗੋਂ ਸਿੱਖ ਸੰਸਥਾਵਾਂ ਦੀ ਖ਼ੁਦਮੁਖਤਿਆਰੀ ਅਤੇ ਅਧਿਕਾਰਾਂ ਨਾਲ ਜੁੜਿਆ ਸੰਵੇਦਨਸ਼ੀਲ ਵਿਸ਼ਾ ਹੈ। ਉਨ੍ਹਾਂ ਆਖਿਆ ਕਿ ਸਿੱਟ ਆਪਣੇ ਅਧਿਕਾਰਾਂ ਤੋਂ ਬਾਹਰ ਨਾ ਜਾਵੇ ਅਤੇ ਕੇਵਲ 328 ਪਾਵਨ ਸਰੂਪਾਂ ਦੀ ਜਾਂਚ ਤਕ ਹੀ ਸੀਮਤ ਰਹੇ।

# ਸਿੱਖ ਕੌਮ ਨੂੰ ਚਿੜਾਉਣ ਲਈ ਗੁਰਮੀਤ ਰਾਮ ਰਹੀਮ ਨੂੰ ਬਾਰ ਬਾਰ ਕੱਢਿਆ ਜਾ ਰਿਹੈ ਜੇਲ੍ਹ ਤੋਂ ਬਾਹਰ- ਸ ਰਵੀਇੰਦਰ ਸਿੰਘ



**ਚੰਡੀਗੜ੍ਹ, 26 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਰਪ੍ਰਸਤ ਸ ਰਵੀਇੰਦਰ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਦੋਸ਼ ਲਾਇਆ ਕਿ ਸਿੱਖ ਕੌਮ ਨੂੰ ਚਿੜਾਉਣ ਵਾਸਤੇ ਗੁਰਮੀਤ ਰਾਮ ਰਹੀਮ ਨੂੰ ਬਾਰ ਬਾਰ ਪੈਰੋਲ ਦਿੱਤੀ ਜਾ ਰਹੀ ਹੈ। ਕਿਉਂਕਿ ਗੁਰਮੀਤ ਰਾਮ ਰਹੀਮ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਨਕਲ ਕਰਨ ਵਰਗੇ ਗੁਨਾਹ ਦੇ ਨਾਲ-ਨਾਲ ਬੇਅਦਬੀ ਦੀਆਂ ਘਟਨਾਵਾਂ ਦਾ ਵੀ ਮੁੱਖ ਦੋਸ਼ੀ ਹੈ। ਸ ਰਵੀਇੰਦਰ ਸਿੰਘ ਨੇ ਕਿਹਾ ਕਿ ਵੱਖ-ਵੱਖ ਜਾਂਚ ਰਿਪੋਰਟਾਂ ਤੋਂ ਇਲਾਵਾ 2015 ਵਿੱਚ ਹੋਈਆਂ ਬੇਅਦਬੀਆਂ ਦੇ ਦੋਸ਼ੀ ਉਸਦਾ ਨਾਮ ਸ਼ਰੇਆਮ ਟੀ ਵੀ ਚੈਨਲ ਉਤੇ ਲੈ ਚੁੱਕੇ ਹਨ। ਇਸਦੇ ਬਾਵਜੂਦ ਉਸਦਾ ਹੁਣ ਤੱਕ ਰਿਮਾਂਡ ਵੀ ਨਾ ਲਿਆ ਜਾਣਾ ਅਤੇ ਬਲਾਤਕਾਰ ਵਰਗੇ ਦੋਸ਼ ਵਿੱਚ ਸਜਾ ਯਾਫਤਾ ਮੁਜਰਿਮ ਨੂੰ ਇਸ ਤਰਾਂ ਸਾਲ ਵਿੱਚ ਕਈ ਵਾਰ ਪੈਰੋਲ ਦੇਣਾ, ਸਾਬਤ ਕਰਦਾ ਹੈ ਕਿ ਅਜਿਹੇ ਦੁਸ਼ਕਰਮੀ ਉਤੇ ਸਰਕਾਰਾਂ ਦੀ ਖਾਸ ਮਿਹਰਬਾਨੀ ਹੈ। ਇਕ ਪਾਸੇ ਸਿੱਖ ਬੰਦੀ ਹਨ, ਜੋ ਸਜਾਵਾਂ ਪੂਰੀਆਂ ਕਰਨ ਤੋਂ ਬਾਦ ਵੀ ਰਿਹਾ ਨਹੀਂ ਹੋ ਸਕੇ, ਇਥੋਂ ਤੱਕ ਕਿ ਆਪਣੇ ਬੁੱਢੇ ਮਾਪਿਆਂ ਦੀ ਬੀਮਾਰੀ ਜਾਂ ਮੌਤ ਹੋਣ 'ਤੇ ਵੀ ਜੇਲ੍ਹ ਤੋਂ ਬਾਹਰ ਨਹੀਂ ਆ ਸਕੇ। ਦੂਜੇ ਪਾਸੇ ਇਕ ਕਾਤਲ ਬਲਾਤਕਾਰੀ ਸਾਧ ਜੇਲ੍ਹ ਤੋਂ ਮਹੀਨਿਆਂ ਲਈ ਬਾਹਰ ਆਣ ਕੇ ਮਜਮੇ ਲਾਉਂਦਾ ਹੈ ਅਤੇ ਲੋਕਾਂ ਨੂੰ ਉਪਦੇਸ਼ ਦੇਂਦਾ ਹੈ। ਸ ਰਵੀਇੰਦਰ ਸਿੰਘ ਨੇ ਕਿਹਾ ਕਿ ਪੰਜਾਬ ਪੁਲਿਸ ਜੇਲ੍ਹ ਵਿੱਚੋਂ ਉਸਨੂੰ ਰਿਮਾਂਡ ਤੇ ਨਹੀਂ ਲਿਆ ਸਕੀ ਸੀ, ਕਿਉਂਕਿ ਹਰਿਆਣਾ ਸਰਕਾਰ ਉਸਦੀ ਪੁਸ਼ਤ-ਪੁਨਾਹੀ ਕਰ ਰਹੀ ਸੀ, ਪਰ ਹੁਣ ਜਦੋਂ ਉਹ ਖੁਲ੍ਹੇਆਮ ਆਪਣੇ ਮਹਿਲ ਵਿੱਚ ਪਹੁੰਚ ਰਿਹਾ ਹੈ ਤਾਂ ਬੇਅਦਬੀਆਂ ਅਤੇ ਮੌੜ ਬੰਬ ਕਾਂਡ ਵਿੱਚ ਉਸਨੂੰ ਗ੍ਰਿਫਤਾਰ ਕਿਉਂ ਨਹੀਂ ਕੀਤਾ ਜਾਂਦਾ? ਇਸਤੋਂ ਪਤਾ ਚਲਦਾ ਹੈ ਕਿ ਸਾਰੀਆਂ ਸਰਕਾਰਾਂ ਉਸਦੀ ਆਗਿਆ ਅਨੁਸਾਰ ਹੀ ਚਲ ਰਹੀਆਂ ਹਨ। ਇਹ ਪ੍ਰੈੱਸ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਨੇ ਜਾਰੀ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜਥੇਦਾਰ ਦਾਦੂਵਾਲ ਜੀ ਨੇ ਆਪਣੇ ਟਰੱਸਟ ਵੱਲੋਂ ਹਰਿਆਣਾ ਕਮੇਟੀ ਨੂੰ ਸੌਂਪਿਆ 10 ਲੱਖ ਦਾ ਚੈੱਕ

# ਵਿੱਦਿਆ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਦਾ ਕੀਤਾ ਸਨਮਾਨ

## ਸਰਕਾਰੀ ਸਕੂਲ ਪਿੰਡ ਦਾਦੂ ਸਾਹਿਬ ਨੂੰ ਕੀਤਾ ਕੰਪਿਊਟਰ ਸੈਟ ਭੇਂਟ
















**ਸਿਰਸਾ, 26 ਮਈ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਹਰਿਆਣਾ ਵਿਖੇ 24 ਮਈ ਨੂੰ ਕੀਤੇ ਗਏ ਵਿਸ਼ੇਸ਼ ਸ਼ੁਕਰਾਨਾ ਸਮਾਗਮ ਵਿੱਚ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ) ਵਲੋਂ ਵਿੱਦਿਆ ਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚੇ ਬੱਚੀਆਂ ਦਾ ਹੌਸਲਾਂ ਅਫਜਾਈ ਕਰਨ ਵਾਸਤੇ ਨਕਦ ਰਾਸ਼ੀ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ ਇਸ ਦੇ ਨਾਲ ਹੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰੂ ਕੇ ਲੰਗਰ ਦੀ ਸੇਵਾ ਵਿੱਚ ਜੋ 12 ਅਪ੍ਰੈਲ ਨੂੰ ਗੁਰਦੁਆਰਾ ਦਾਦੂ ਸਾਹਿਬ ਵਿਖੇ ਪੰਥਕ ਇਕੱਤਰਤਾ ਵਿੱਚ 10 ਲੱਖ ਰੁਪਏ ਹਰਿਆਣਾ ਕਮੇਟੀ ਨੂੰ ਗੁਰੂ ਕੇ ਲੰਗਰ ਸੇਵਾ ਲਈ ਭੇਂਟ ਕਰਨ ਦਾ ਐਲਾਨ ਕੀਤਾ ਸੀ ਦਾ ਚੈੱਕ ਕਮੇਟੀ ਦੇ ਅਹੁਦੇਦਾਰ ਮੈਂਬਰ ਸਾਹਿਬਾਨਾਂ ਨੂੰ ਭੇਂਟ ਕੀਤਾ ਗਿਆ ਜਥੇਦਾਰ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕੇ ਜਥੇਦਾਰ ਦਾਦੂਵਾਲ ਜੀ ਆਪਣੇ ਸੁੱਖ ਸੇਵਾ ਸਿਮਰਨ ਟਰੱਸਟ ਵੱਲੋਂ ਲੋੜਵੰਦ ਪਰਿਵਾਰਾਂ ਦੀਆਂ ਬੱਚੀਆਂ ਦੇ ਵਿਆਹ,ਬਿਮਾਰਾਂ ਦਾ ਇਲਾਜ,ਲੋੜਵੰਦ ਸਕੂਲੀ ਬੱਚਿਆਂ ਦੀਆਂ ਫੀਸਾਂ ਭਰਨ ਦੇ ਕਾਰਜ ਹਮੇਸ਼ਾ ਕਰਦੇ ਰਹਿੰਦੇ ਹਨ ਅਤੇ ਹੁਣ ਉਨਾਂ ਨੇ ਵਿੱਦਿਆ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਨੂੰ ਵੀ ਵਿਸ਼ੇਸ਼ ਸਨਮਾਨ ਦਿੱਤਾ ਹੈ ਕੋਚ ਅਧਿਆਪਕ ਰਾਜਪਾਲ ਸਿੰਘ ਲੱਕੜਾਵਾਲੀ ਵੱਲੋਂ ਤਿਆਰ ਕੀਤੀ ਲੜਕੀਆਂ ਦੀ ਕਬੱਡੀ ਟੀਮ ਜਿਸ ਨੇ ਪਿਛਲੇ ਦਿਨੀ ਫਿਰੋਜ਼ਪੁਰ ਤੋਂ ਕਬੱਡੀ ਕੱਪ ਜਿੱਤਿਆ ਅਤੇ ਪੰਜਾਬ ਵਿੱਚੋਂ ਵੀ ਦੋ ਵਾਰ ਗੋਲਡ ਮੈਡਲ ਜਿੱਤਣਾ ਕੀਤਾ ਸੀ ਜਥੇਦਾਰ ਦਾਦੂਵਾਲ ਜੀ ਨੇ ਕੋਚ ਰਾਜਪਾਲ ਸਮੇਤ 12 ਬੱਚੀਆਂ ਨੂੰ ਪੰਜ ਪੰਜ ਕਿਲੋ ਬਦਾਮਾਂ ਦੀਆਂ ਟੋਕਰੀਆਂ ਭੇਂਟ ਕੀਤੀਆਂ ਇਸ ਦੇ ਨਾਲ ਹੀ ਪਿੰਡ ਦਾਦੂ ਸਾਹਿਬ ਦੇ ਸਰਕਾਰੀ ਸਕੂਲ ਵਿੱਚ ਦਸਵੀਂ ਕਲਾਸ ਚੋਂ 92% ਨੰਬਰ ਲੈ ਕੇ ਅੱਵਲ ਆਈ ਬੱਚੀ ਰੁਪਿੰਦਰਜੀਤ ਕੌਰ ਪਿੰਡ ਦਾਦੂ ਸਾਹਿਬ ਅਤੇ ਪਲੱਸ ਟੂ ਵਿੱਚੋਂ 87% ਨੰਬਰ ਲੈ ਕੇ ਅੱਵਲ ਰਹਿਣ ਵਾਲੀ ਪਿੰਡ ਦਾਦੂ ਸਾਹਿਬ ਦੀ ਬੱਚੀ ਰਮਨਦੀਪ ਕੌਰ ਅਤੇ ਪਿੰਡ ਤਿਲੋਕੇਵਾਲਾ ਦੀ ਬੱਚੀ ਪਰਵਿੰਦਰ ਕੌਰ ਜੋ ਗੱਤਕੇ ਵਿੱਚ ਗੋਲਡ ਮੈਡਲ ਜਿੱਤੀ ਹੈ ਨੂੰ 2100 - 2100 ਦੇ ਵਿਸ਼ੇਸ਼ ਇਨਾਮ ਦਿੱਤੇ ਇਸ ਦੇ ਨਾਲ ਹੀ ਸਰਕਾਰੀ ਸਕੂਲ ਦਾਦੂ ਸਾਹਿਬ ਦੇ ਪ੍ਰਿੰਸੀਪਲ ਡਾਕਟਰ ਵਿਨੋਦ ਪ੍ਰਕਾਸ਼ ਪਿੰਡ ਝੋਰੜ ਰੋਹੀ ਦੇ ਪ੍ਰਿੰਸੀਪਲ ਮਨੋਜ ਕੁਮਾਰ,ਅਧਿਆਪਕ ਅਵਤਾਰ ਸਿੰਘ,ਅਧਿਆਪਕ ਕੁਲਵਿੰਦਰ ਸਿੰਘ ਸਮੇਤ ਸਮੂੰਹ ਅਧਿਆਪਕਾਂ ਨੂੰ ਸਿਰਪਾਉ ਭੇਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਅਤੇ ਸਰਕਾਰੀ ਸਕੂਲ ਪਿੰਡ ਦਾਦੂ ਸਾਹਿਬ ਲਈ ਇੱਕ ਕੰਪਿਊਟਰ ਸੈਟ ਭੇਂਟ ਕੀਤਾ ਭਾਈ ਬਰਾੜ ਨੇ ਦੱਸਿਆ ਕੇ ਜਥੇਦਾਰ ਦਾਦੂਵਾਲ ਜੀ ਵੱਲੋਂ ਬੱਚੇ ਬੱਚੀਆਂ ਨੂੰ ਧਰਮ ਖੇਡਾਂ ਅਤੇ ਪੜਾਈ-ਲਿਖਾਈ ਵੱਲ ਪ੍ਰੇਰਿਤ ਕਰਨ ਵਾਸਤੇ ਹੌਸਲਾ ਅਫਜਾਈ ਲਈ ਵੱਡੇ ਕਾਰਜ ਕੀਤੇ ਜਾਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ

# ਪਰਿਵਾਰ ਸਮੇਤ ਆਮ ਵੋਟਰ ਦੀ ਤਰ੍ਹਾਂ ਵੋਟ ਪਾਈ



**ਜੰਡਿਆਲਾ ਗੁਰੂ , 26 ਮਈ ( ਕੁਲਵੰਤ ਸਿੰਘ ਵਿਰਦੀ )**- ਸੂਬੇ ਦੇ ਲੋਕ ਨਿਰਮਾਣ ਮੰਤਰੀ ਅਤੇ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਸਵੇਰੇ ਜੰਡਿਆਲਾ ਗੁਰੂ ਵਿਖੇ ਚੱਲ ਰਹੀਆਂ ਨਗਰ ਕੌਂਸਲ ਚੋਣਾਂ ਦੌਰਾਨ ਲੋਕਤੰਤਰ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਆਮ ਵੋਟਰਾਂ ਦੀ ਤਰ੍ਹਾਂ ਪਰਿਵਾਰ ਸਮੇਤ ਲਾਈਨ ਵਿੱਚ ਖੜ੍ਹ ਕੇ ਆਪਣੀ ਵੋਟ ਦੇ ਅਧਿਕਾਰ ਦਾ ਇਸਤੇਮਾਲ ਕੀਤਾ।ਉਨ੍ਹਾਂ ਵਾਰਡ ਨੰਬਰ 1 ਦੇ ਪੋਲਿੰਗ ਬੂਥ ▾ਤੇ ਆਪਣੀ ਵੋਟ ਪਾਈ ਅਤੇ ਲੋਕਾਂ ਨੂੰ ਵੀ ਵੱਧ ਤੋਂ ਵੱਧ ਗਿਣਤੀ ਵਿੱਚ ਘਰਾਂ ਤੋਂ ਬਾਹਰ ਨਿਕਲ ਕੇ ਵੋਟ ਪਾਉਣ ਦੀ ਅਪੀਲ ਕੀਤੀ ।ਇਸ ਮੌਕੇ ਮੀਡੀਆ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਸ.ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਹਰ ਇੱਕ ਨਾਗਰਿਕ ਦਾ ਵੋਟ ਪਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਵੋਟ ਸਿਰਫ਼ ਇੱਕ ਅਧਿਕਾਰ ਹੀ ਨਹੀਂ, ਸਗੋਂ ਲੋਕਤੰਤਰ ਪ੍ਰਤੀ ਸਾਡੀ ਜ਼ਿੰਮੇਵਾਰੀ ਵੀ ਹੈ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਚੋਣਾਂ ਵਿੱਚ ਲੋਕਾਂ ਦਾ ਭਾਰੀ ਉਤਸ਼ਾਹ ਇਹ ਦਰਸਾਉਂਦਾ ਹੈ ਕਿ ਲੋਕ ਲੋਕਤੰਤਰਿਕ ਪ੍ਰਕਿਰਿਆ ਵਿੱਚ ਪੂਰਾ ਵਿਸ਼ਵਾਸ ਰੱਖਦੇ ਹਨ। ਉਨ੍ਹਾਂ ਕਿਹਾ ਕਿ ਸ਼ਾਂਤੀਪੂਰਨ ਅਤੇ ਨਿਰਪੱਖ ਚੋਣਾਂ ਲੋਕਤੰਤਰ ਦੀ ਖੂਬਸੂਰਤੀ ਹਨ ਅਤੇ ਹਰ ਇੱਕ ਵੋਟਰ ਨੂੰ ਬਿਨਾਂ ਕਿਸੇ ਡਰ ਜਾਂ ਦਬਾਅ ਦੇ ਆਪਣੇ ਮਤ ਦਾ ਪ੍ਰਗਟਾਵਾ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਚੋਣ ਡਿਊਟੀ ‘ਤੇ ਤਾਇਨਾਤ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਸੁਰੱਖਿਆ ਕਰਮਚਾਰੀਆਂ ਵੱਲੋਂ ਕੀਤੇ ਜਾ ਰਹੇ ਪ੍ਰਬੰਧਾਂ ਦੀ ਵੀ ਸਰਾਹਨਾ ਕੀਤੀ ਅਤੇ ਕਿਹਾ ਕਿ ਚੋਣ ਪ੍ਰਕਿਰਿਆ ਪੂਰੀ ਤਰ੍ਹਾਂ ਸ਼ਾਂਤੀਪੂਰਨ ਢੰਗ ਨਾਲ ਚੱਲ ਰਹੀ ਹੈ।

**ਲੋਕਤੰਤਰ ਦੀ ਮਜ਼ਬੂਤੀ ਲਈ ਹਰ ਇੱਕ ਨਾਗਰਿਕ ਦਾ ਵੋਟ ਪਾਉਣਾ ਬਹੁਤ ਜ਼ਰੂਰੀ - ਹਰਭਜਨ ਸਿੰਘ ਈਟੀਓ**

### ਰਵਨੀਤ ਸਿੰਘ ਬਿੱਟੂ ਮੁੱਖ ਮੰਤਰੀ ਖਿਲਾਫ

# ਬੋਲਣ ਤੋਂ ਪਹਿਲਾਂ ਆਪਣੀ ਪੀੜ੍ਹੀ ਹੇਠ ਸੋਟਾ ਫੇਰਨ: ਬਸੰਤ ਕਾਂਝਲਾ

**ਧੂਰੀ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਸੰਤ ਕਾਂਝਲਾ ਨੇ ਕਿਹਾ ਕਿ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਦੇ ਹੱਕ ਵਿੱਚ ਸਰਕਾਰ ਦੇ ਖਿਲਾਫ ਰੋਸ ਪ੍ਰਦਰਸ਼ਨ ਕਰਨਾ ਅਤੀ ਨਿੰਦਣਯੋਗ ਹੈ। ਉਹਨਾਂ



ਕਿਹਾ ਕਿ ਜੋ ਕੰਮ ਚਾਰ ਸਾਲਾਂ ਦੇ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੀਤੇ ਹਨ ਉਹ ਵੱਖੋ ਵੱਖ ਪਾਰਟੀਆਂ ਦੀਆਂ ਸਰਕਾਰਾਂ ਆਉਣ ਤੇ 70 ਸਾਲਾਂ ਦੇ ਵਿੱਚ ਵੀ ਨਹੀਂ ਕਰ ਸਕੀਆਂ ।ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇੱਕੋ ਇੱਕ ਅਜਿਹੇ ਮੁੱਖ ਮੰਤਰੀ ਹਨ ਜਿਨਾਂ ਨੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਹੱਕ ਵਿੱਚ ਕਾਨੂੰਨ ਬਣਾ ਕੇ ਇੱਕ ਇਤਿਹਾਸ ਬਣਾ ਦਿੱਤਾ ਜੋ ਇਤਿਹਾਸ ਆਉਣ ਵਾਲੀਆਂ ਪੀੜੀਆਂ ਤੱਕ ਯਾਦ ਰਹੇਗਾ। ਉਹਨਾਂ ਕਿਹਾ ਕਿ ਮਿਉਸਪਲ ਕਮੇਟੀ ਦੀਆਂ ਹੋਈਆਂ ਚੋਣਾਂ ਵਿੱਚ ਧੂਰੀ ਦੇ 21 ਵਾਰਡਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੱਥ ਮਜਬੂਤ ਕਰਨਗੇ।

### ਸੱਤਾ ਦੇ ਨਸ਼ੇ ਵਿੱਚ ਘੂਕ ਸੁੱਤੀ ਪੰਜਾਬ ਸਰਕਾਰ ਨੂੰ ਬੀਨ ਵਜਾ ਜਗਾਉਣਗੇ ਐਨੀਪੀਐਸ ਮੁਲਾਜ਼ਮ

# 28 ਤਰੀਕ ਨੂੰ ਜ਼ਿਲ੍ਹਾ ਪੱਧਰੀ ਰੋਸ ਪ੍ਰਦਰਸ਼ਨ ਦੀਆਂ ਤਿਆਰੀਆਂ ਮੁਕੰਮਲ: ਪ੍ਰਿੰਸ ਪਲਿਆਲ

### 4 ਜੁਲਾਈ ਨੂੰ ਜ਼ਿਲ੍ਹਾ ਮੋਗਾ ਵਿੱਚ ਹੋਵੇਗੀ ਕਨਵੈਨਸ਼ਨ ਅਤੇ 23 ਅਗਸਤ ਨੂੰ ਮੁਖਮੰਤਰੀ ਦੇ ਪਿੰਡ ਸਤੌਜ(ਸੰਗਰੂਰ) ਵਿੱਚ ਕੀਤੀ ਜਾਏਗੀ ਮਹਾਂਰੈਲੀ

**ਹੁਸ਼ਿਆਰਪੁਰ, 26 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਦੇ ਲਾਰਿਆਂ ਤੋਂ ਅੱਕੇ ਪੂਰੇ ਪੰਜਾਬ ਦੇ 2004 ਤੋਂ ਬਾਅਦ ਭਰਤੀ ਐਨਪੀਐਸ ਕਰਮਚਾਰੀਆਂ ਨੇ ਸਮੇਂ ਦੀ ਮੰਗ ਨੂੰ ਮੁੱਖ ਰੱਖਦਿਆਂ ਲੰਬੇ ਸਮੇਂ ਤੋਂ ਇਸ ਮੁੱਦੇ ਤੇ ਸੰਘਰਸ਼ ਕਰ ਰਹੀਆਂ ਤਿੰਨ ਜਥੇਬੰਦੀਆਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ,ਸੀਪੀਐਫ ਕਰਮਚਾਰੀ ਯੂਨੀਅਨ ਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਦੇ ਆਗੂ ਪ੍ਰਿੰਸ ਪਲਿਆਲ ਗੜ੍ਹਦੀਵਾਲਾ,



ਜਗਵਿੰਦਰ ਸਿੰਘ, ਗੁਰਮੁੱਖ ਸਿੰਘ ਬਲਾਲਾ, ਸਚਿਨ ਕੁਮਾਰ, ਗੁਰਪ੍ਰੀਤ ਸਿੰਘ, ਰਮਨਦੀਪ ਸ਼ਰਮਾ ਨੇ ਪੁਰਾਣੀ ਪੈਨਸ਼ਨ ਬਹਾਲੀ ਸਾਂਝਾਂ ਮੰਚ ਦੇ ਬੈਨਰ ਹੇਠ ਸਰਕਾਰ ਵਿਰੁੱਧ ਸੰਘਰਸ਼ ਦਾ ਬਿਗੁਲ ਵਜਾ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਬਹਾਲੀ ਦੇ ਆਪਣੇ ਚੋਣ ਵਾਅਦੇ ਤੋਂ ਮੁਨਕਰ ਹੋ ਗਈ ਹੈ ਤੇ ਚਾਰ ਸਾਲ ਬੀਤ ਜਾਣ ਬਾਅਦ ਵੀ ਆਪਣਾ ਹੀ ਪੁਰਾਣੀ ਪੈਨਸ਼ਨ ਬਹਾਲੀ ਦਾ 18 ਨਵੰਬਰ 2022 ਦਾ ਨੋਟੀਫਿਕੇਸ਼ਨ ਲਾਗੂ ਕਰਨਾ ਭੁੱਲ ਗਈ ਹੈ। ਸਰਕਾਰ ਦੀ ਵਾਅਦਾ ਖਿਲਾਫੀ ਦੇ ਰੋਸ ਵੱਜੋਂ ਮੰਚ ਨੇ ਫੈਸਲਾ ਕੀਤਾ ਹੈ ਕਿ 28 ਮਈ ਨੂੰ ਪੰਜਾਬ ਸਰਕਾਰ ਦੇ ਨਾਲ ਮੱਝ ਦੇ ਬੈਨਰ ਅੱਗੇ ਵੀਨ ਵਜਾਉਣਗੇ ਕਿਉਂਕਿ ਸਰਕਾਰ ਹੁਣ ਮੁਲਾਜ਼ਮ ਮੰਗਾਂ ਨੂੰ ਅਣਗੋਲਿਆ ਤੇ ਲਗਾਤਾਰ ਅਣਡਿੱਠ ਕਰ ਰਹੀ ਹੈ। ਉਹਨਾਂ ਕਿਹਾ ਕਿ 4 ਜੁਲਾਈ ਨੂੰ ਮੋਗਾ ਵਿਖੇ ਕਨਵੈਨਸ਼ਨ ਕੀਤੀ ਜਾਵੇਗੀ ਤੇ ਇਸ ਕਨਵੈਨਸ਼ਨ ਵਿੱਚ ਮੁੱਖ ਮੰਤਰੀ ਤੇ ਵਿੱਤ ਮੰਤਰੀ ਨੂੰ ਵਿਸ਼ੇਸ਼ ਸੱਦਾ ਦਿੱਤਾ ਜਾਵੇਗਾ ਤੇ ਉਹਨਾਂ ਦੀਆਂ ਕੁਰਸੀਆਂ ਵੀ ਲਗਾਈਆਂ ਜਾਣਗੀਆਂ ਤਾਂ ਕਿ ਉਹ ਮੁਲਾਜ਼ਮਾਂ ਦੇ ਭਖਦੇ ਮਸਲਿਆਂ ਤੇ ਆਪਣੇ ਵਿਚਾਰ ਸਾਂਝੇ ਕਰਨ ਜੇਕਰ ਮੁੱਖਮੰਤਰੀ ਇਸ ਕਨਵੈਨਸ਼ਨ ਵਿੱਚ ਨਾ ਆਏ ਤਾਂ 23 ਅਗਸਤ ਨੂੰ ਪਿੰਡ ਸਤੌਜ ਵਿਖੇ ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੰਚ ਵਲੋਂ ਮਹਾਂਰੈਲੀ ਕੀਤੀ ਜਾਵੇਗੀ ਜਿਸ ਸਬੰਧੀ ਕਰਮਚਾਰੀਆਂ ਨੇ ਆਪਣੀਆਂ ਬਲਾਕ ਪੱਧਰੀ ਤੋਂ ਤਿਆਰੀਆਂ ਵਿੱਢ ਦਿੱਤੀਆਂ ਹਨ ।ਇਸ ਮੌਕੇ ਤੇ ਆਗੂ ਮਲਕੀਤ ਸਿੰਘ, ਚਰਨਜੀਤ ਸਿੰਘ, ਅਨਿਲ ਕੁਮਾਰ, ਲਖਬੀਰ ਸਿੰਘ, ਬਚਿੱਤਰ ਸਿੰਘ, ਭੁਪਿੰਦਰ ਸਿੰਘ, ਦੀਪਕ ਕੁਮਾਰ, ਮਨੋਜ ਕੁਮਾਰ ਸ਼ਰਮਾ, ਬਹਾਦਰ ਸਿੰਘ ਗੁਰਪ੍ਰੀਤ ਸਿੰਘ, ਸਰਤਾਜ ਸਿੰਘ, ਨਵਤੇਜ ਸਿੰਘ, ਸੰਜੀਵ ਸਿੰਘ, ਸੁਖਵਿੰਦਰ ਸਿੰਘ, ਡਾ ਹਰਦੀਪ ਸਿੰਘ, ਗੁਰਚਰਨ ਸਿੰਘ, ਜਸਵਿੰਦਰ ਸਿੰਘ, ਹਰਪਾਲ ਸਿੰਘ, ਜਗਮੋਹਣ ਸਿੰਘ, ਮਹਿੰਦਰ ਸਿੰਘ, ਮਨਮੋਹਨ ਸਿੰਘ ਆਦਿ ਹਾਜ਼ਰ ਸਨ।

# ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 1 ਜੂਨ ਤੋਂ ਸ਼ੁਰੂ ਹੋਣ ਵਾਲੇ ਪੰਜਵੇਂ ਗੁਰਮਤਿ ਕੈਂਪ ਦੀਆਂ ਤਿਆਰੀਆਂ ਮੁਕੰਮਲ




**ਨਵੀਂ ਦਿੱਲੀ, 26 ਮਈ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗਰਮੀ ਦੀਆਂ ਛੁੱਟੀਆਂ ਦੌਰਾਨ ਵਿਦਿਆਰਥੀਆਂ ਲਈ ਪੰਜਵੇਂ ਗੁਰਮਤਿ ਕੈਂਪ ਲਗਾਉਣ ਦੀਆਂ ਤਿਆਰੀਆਂ ਵਿਆਪਕ ਪੱਧਰ ’ਤੇ ਮੁਕੰਮਲ ਕਰ ਲਈਆਂ ਗਈਆਂ ਹਨ। ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਾਰ 25 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਦੇ ਕੈਂਪਾਂ ਵਿਚ ਸ਼ਮੂਲੀਅਤ ਕਰਨ ਦੀ ਸੰਭਾਵਨਾ ਹੈ। ਉਹਨਾਂ ਦੱਸਿਆ ਕਿ ਇਹ ਗੁਰਮਤਿ ਕੈਂਪ 1 ਜੂਨ ਤੋਂ ਸ਼ੁਰੂ ਹੋਣਗੇ, ਜਦਕਿ ਸਮਾਪਤੀ ਸਮਾਗਮ 20 ਅਤੇ 21 ਜੂਨ ਨੂੰ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਸਥਿਤ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਆਯੋਜਿਤ ਕੀਤਾ ਜਾਵੇਗਾ। ਆਗੂਆਂ ਨੇ ਦੱਸਿਆ ਕਿ ਕਮੇਟੀ ਨੇ ਇਹ ਮੁਹਿੰਮ ਸਾਲ 2022 ਵਿਚ ਸ਼ੁਰੂ ਕੀਤੀ ਸੀ। ਪਹਿਲੇ ਸਾਲ 4 ਹਜ਼ਾਰ ਬੱਚਿਆਂ ਨੇ ਸ਼ਮੂਲੀਅਤ ਕੀਤੀ ਸੀ। ਇਸ ਤੋਂ ਬਾਅਦ 2023 ਵਿਚ 9 ਹਜ਼ਾਰ, 2024 ਵਿਚ 12 ਹਜ਼ਾਰ ਅਤੇ 2025 ਵਿਚ ਕਰੀਬ 20 ਹਜ਼ਾਰ ਵਿਦਿਆਰਥੀਆਂ ਨੇ ਕੈਂਪਾਂ ਵਿਚ ਹਿੱਸਾ ਲਿਆ। ਇਸ ਵਾਰ ਇਹ ਗਿਣਤੀ 25 ਹਜ਼ਾਰ ਤੱਕ ਪਹੁੰਚਣ ਦੀ ਉਮੀਦ ਹੈ। ਉਹਨਾਂ ਕਿਹਾ ਕਿ ਗੁਰਮਤਿ ਕੈਂਪਾਂ ਦਾ ਮੁੱਖ ਉਦੇਸ਼ ਬੱਚਿਆਂ ਨੂੰ ਗੁਰਸਿੱਖੀ ਜੀਵਨ ਜਾਚ, ਗੁਰਮੁਖੀ ਭਾਸ਼ਾ, ਗੁਰਬਾਣੀ, ਸਿੱਖ ਇਤਿਹਾਸ ਅਤੇ ਅਮੀਰ ਵਿਰਸੇ ਨਾਲ ਜੋੜਨਾ ਹੈ। ਉਹਨਾਂ ਦੱਸਿਆ ਕਿ ਗੁਰੂ ਸਾਹਿਬਾਨ ਦੇ ਸਮੇਂ ਦੇਵਨਾਗਰੀ, ਅਰਬੀ ਅਤੇ ਫਾਰਸੀ ਭਾਸ਼ਾਵਾਂ ਪ੍ਰਚਲਿਤ ਸਨ, ਪਰ ਗੁਰੂ ਸਾਹਿਬਾਨ ਨੇ 35 ਅੱਖਰੀ ਗੁਰਮੁਖੀ ਲਿਪੀ ਨੂੰ ਪ੍ਰਚਲਿਤ ਕਰਕੇ ਗੁਰਬਾਣੀ ਦੀ ਰਚਨਾ ਕੀਤੀ। ਕਮੇਟੀ ਅਨੁਸਾਰ ਇਸ ਵਾਰ ਕਰੀਬ 1 ਹਜ਼ਾਰ ਵਾਲੰਟੀਅਰਜ਼ ਨੇ ਸੇਵਾਵਾਂ ਲਈ ਰਜਿਸਟਰੇਸ਼ਨ ਕਰਵਾਈ ਹੈ। ਕੌਮੀ ਰਾਜਧਾਨੀ ਤੋਂ ਇਲਾਵਾ ਰਾਜਸਥਾਨ, ਉੱਤਰ ਪ੍ਰਦੇਸ਼, ਉੱਤਰਾਖੰਡ, ਬਿਹਾਰ ਅਤੇ ਅਰੁਣਾਚਲ ਪ੍ਰਦੇਸ਼ ਤੋਂ ਵੀ ਕੈਂਪ ਲਗਾਉਣ ਦੀ ਮੰਗ ਆਈ ਹੈ। ਇਸ ਦੇ ਚਲਦੇ ਕੁੱਲ 125 ਕੈਂਪ ਆਯੋਜਿਤ ਕੀਤੇ ਜਾਣ ਦੀ ਸੰਭਾਵਨਾ ਹੈ। ਪੰਜਾਬ ਵਿਚ ਵੀ ਅਜਿਹੇ ਕੈਂਪਾਂ ਲਈ ਮੰਗ ਵਧ ਰਹੀ ਹੈ। ਉਹਨਾਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕੈਂਪਾਂ ਦਾ ਸਿਲੇਬਸ ਬਦਲਿਆ ਗਿਆ ਹੈ ਅਤੇ ਇਸ ਵਾਰ ਸਿੱਖ ਜੰਗਾਂ ਦਾ ਇਤਿਹਾਸ ਵੀ ਸਿਲੇਬਸ ਵਿਚ ਸ਼ਾਮਲ ਕੀਤਾ ਗਿਆ ਹੈ। ਸਹਿਜਧਾਰੀ ਪਰਿਵਾਰਾਂ ਵੱਲੋਂ ਵੀ ਬੱਚਿਆਂ ਨੂੰ ਕੈਂਪਾਂ ਵਿਚ ਭੇਜਣ ਸਬੰਧੀ ਰੁਚੀ ਦਿਖਾਈ ਗਈ ਹੈ, ਜਿਸ ਦਾ ਕਮੇਟੀ ਨੇ ਸਵਾਗਤ ਕੀਤਾ ਹੈ। ਕਮੇਟੀ ਨੇ ਦੱਸਿਆ ਕਿ ਕੈਂਪਾਂ ਵਿਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਸਰਟੀਫਿਕੇਟ ਅਤੇ ਟ੍ਰਾਫੀਆਂ ਨਾਲ ਸਨਮਾਨਿਤ ਕੀਤਾ ਜਾਂਦਾ ਹੈ। ਇੱਕ ਵਿਦਿਆਰਥੀ ਨੂੰ 14 ਬਾਣੀਆਂ ਕੰਠ ਕਰਨ ’ਤੇ 51 ਹਜ਼ਾਰ ਰੁਪਏ ਦਾ ਇਨਾਮ ਦਿੱਤਾ ਗਿਆ ਸੀ ਅਤੇ ਹੁਣ ਉਸ ਨੂੰ 21 ਬਾਣੀਆਂ ਕੰਠ ਹੋ ਚੁੱਕੀਆਂ ਹਨ। ਆਗੂਆਂ ਨੇ ਕਿਹਾ ਕਿ ਕਮੇਟੀ ਦਾ ਮੁੱਖ ਉਦੇਸ਼ ਧਰਮ ਦਾ ਪ੍ਰਚਾਰ ਅਤੇ ਪ੍ਰਸਾਰ ਕਰਨਾ ਹੈ ਅਤੇ ਬੱਚਿਆਂ ਨੂੰ ਗੁਰਬਾਣੀ, ਗੁਰਮੁਖੀ ਭਾਸ਼ਾ ਅਤੇ ਸਿੱਖ ਇਤਿਹਾਸ ਨਾਲ ਜੋੜਨਾ ਹੈ। ਉਹਨਾਂ ਦੱਸਿਆ ਕਿ ਹਰ ਸਾਲ ਮਾਪਿਆਂ ਅਤੇ ਵਿਦਿਆਰਥੀਆਂ ਵਿਚ ਕੈਂਪਾਂ ਲਈ ਉਤਸ਼ਾਹ ਵੱਧ ਰਿਹਾ ਹੈ ਅਤੇ ਹੁਣ ਲੋਕ ਇਨ੍ਹਾਂ ਕੈਂਪਾਂ ਦੀਆਂ ਤਾਰੀਖਾਂ ਦਾ ਬੇਸਬਰੀ ਨਾਲ ਇੰਤਜ਼ਾਰ ਕਰਦੇ ਹਨ। ਅੰਤ ਵਿਚ ਕਮੇਟੀ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਗੁਰਮਤਿ ਕੈਂਪਾਂ ਨਾਲ ਜੋੜਨ ਤਾਂ ਜੋ ਨਵੀਂ ਪੀੜ੍ਹੀ ਨੂੰ ਆਪਣੇ ਧਰਮ, ਭਾਸ਼ਾ ਅਤੇ ਵਿਰਸੇ ਨਾਲ ਮਜ਼ਬੂਤੀ ਨਾਲ ਜੋੜਿਆ ਜਾ ਸਕੇ।

# ਨਨਕਾਣਾ ਸਾਹਿਬ ਯਾਤਰਾ ਕਮੇਟੀ ਨੂੰ ਗਹਿਰਾ ਸਦਮਾ

**ਨੋਟੀਘੰਮ, 26 ਮਈ (ਆਵਾਜ਼ਿ ਕੌਮ ਬਿਊਰੋ)**-ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਜੁੜੀ ਸੰਗਤ ਲਈ ਬਹੁਤ ਹੀ ਦੁਖਦਾਈ ਖ਼ਬਰ ਸਾਹਮਣੇ ਆਈ ਹੈ। ਕਮੇਟੀ ਦੇ ਆਰਗੇਨਾਈਜ਼ਰ ਭਾਈ ਰਘਵੀਰ ਸਿੰਘ ਮਾਲੜੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਮੇਟੀ ਨਾਲ ਸਬੰਧਤ ਸੇਵਾਦਾਰ ਬੀਬੀ ਨਿਰੰਜਨ ਕੌਰ ਬਲ ਸੋਮਵਾਰ, 25 ਮਈ 2026 ਨੂੰ ਅਕਾਲ ਚਲਾਣਾ ਕਰ ਗਏ ਹਨ। ਉਹ ਪਿਛਲੇ ਕੁਝ ਸਮੇਂ ਤੋਂ ਨਾਮੁਰਾਦ ਬਿਮਾਰੀ ਨਾਲ ਜੂਝ ਰਹੇ ਸਨ। ਭਾਈ ਮਾਲੜੀ ਨੇ ਦੱਸਿਆ ਕਿ ਬੀਬੀ ਨਿਰੰਜਨ ਕੌਰ ਬਲ ਬਹੁਤ ਹੀ ਨਿਮਰ ਸੁਭਾਅ, ਸੇਵਾ ਭਾਵਨਾ ਅਤੇ ਗੁਰਸਿੱਖ ਜੀਵਨ ਵਾਲੀ ਰੱਬੀ ਰੂਹ ਸਨ। ਉਹਨਾਂ ਨੇ ਨਨਕਾਣਾ ਸਾਹਿਬ ਯਾਤਰਾ ਕਮੇਟੀ ਦੇ ਜਥੇ ਨਾਲ ਹੁਣ ਤੱਕ ਹੋਈਆਂ ਸਾਰੀਆਂ ਯਾਤਰਾਵਾਂ ਵਿੱਚ ਸ਼ਮੂਲੀਅਤ ਕੀਤੀ ਅਤੇ ਹਰ ਯਾਤਰਾ ਦੌਰਾਨ ਸੰਗਤ ਦੀ ਤਨ, ਮਨ ਅਤੇ ਧਨ ਨਾਲ ਸੇਵਾ ਨਿਭਾਈ। ਉਹਨਾਂ ਦੀਆਂ ਸੇਵਾਵਾਂ ਨੂੰ ਯਾਦ ਕਰਦਿਆਂ ਦੱਸਿਆ ਗਿਆ ਕਿ ਬੀਬੀ ਜੀ ਬੱਸ ਵਿੱਚ ਰੋਜ਼ਾਨਾ ਦੋ-ਦੋ ਸੁਖਮਨੀ ਸਾਹਿਬ ਜੀ ਦੇ ਪਾਠ ਕਰਦੇ ਸਨ ਅਤੇ ਤੜਕੇ ਉੱਠ ਕੇ ਜਥੇ ਲਈ ਚਾਹ-ਪਾਣੀ ਦਾ ਪ੍ਰਬੰਧ ਕਰਨਾ ਉਹਨਾਂ ਦੀ ਨਿਯਮਤ ਸੇਵਾ ਸੀ। ਇਸ ਤੋਂ ਇਲਾਵਾ ਉਹ ਸੰਗਤ ਦੀ ਸੇਵਾ ਲਈ ਵਾਧੂ ਰਾਸ਼ਨ ਪਾਣੀ ਆਪਣੇ ਨਾਲ ਲਿਆਉਂਦੇ ਸਨ ਅਤੇ ਯਾਤਰਾ ਤੋਂ ਇੱਕ ਰਾਤ ਪਹਿਲਾਂ ਹੀ ਸੇਵਾ ਲਈ ਭਾਈ ਮਾਲੜੀ ਦੇ ਗ੍ਰਹਿ ਪਹੁੰਚ ਜਾਂਦੇ ਸਨ। ਬੀਬੀ ਨਿਰੰਜਨ ਕੌਰ ਬਲ ਦੇ ਅਕਾਲ ਚਲਾਣੇ ਨਾਲ ਨਨਕਾਣਾ ਸਾਹਿਬ ਯਾਤਰਾ ਕਮੇਟੀ, ਪਰਿਵਾਰ ਅਤੇ ਸਮੂਹ ਸੰਗਤ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਨਨਕਾਣਾ ਸਾਹਿਬ ਯਾਤਰਾ ਕਮੇਟੀ ਵੱਲੋਂ ਪਰਿਵਾਰ ਨਾਲ ਡੂੰਘਾ ਦੁੱਖ ਸਾਂਝਾ ਕਰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਜਾ ਰਹੀ ਹੈ ਕਿ ਵਿਛੁੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ੇ।



ਆਵਾਜ਼ਿ ਕੌਮ AWAZE QAUM International Newspaper & WEB TV

# ਹਰ ਇੱਕ ਘਰ ਦੀ ਛੱਤ ਤੇ ਪੰਛੀਆਂ ਲਈ ਦਾਣਾ-ਪਾਣੀ



**ਗਰਮੀਆਂ** ਦਾ ਮੌਸਮ ਆਪਣੇ ਨਾਲ ਤਿੱਖੀ ਧੁੱਪ, ਵਧੇਰੇ ਤਾਪਮਾਨ ਅਤੇ ਪਾਣੀ ਦੀ ਕਮੀ ਲਿਆਉਂਦਾ ਹੈ। ਜਿੱਥੇ ਮਨੁੱਖ ਆਪਣੇ ਲਈ ਠੰਢੇ ਪਾਣੀ, ਪੱਖਿਆਂ, ਕੂਲਰਾਂ ਅਤੇ ਹੋਰ ਸਹੂਲਤਾਂ ਦਾ ਪ੍ਰਬੰਧ ਕਰ ਲੈਂਦਾ ਹੈ, ਉੱਥੇ ਬੇਜ਼ੁਬਾਨ ਪੰਛੀਆਂ ਲਈ ਇਹ ਸਮਾਂ ਬਹੁਤ ਹੀ ਮੁਸ਼ਕਲ ਭਰਿਆ ਹੁੰਦਾ ਹੈ। ਪੰਛੀ ਕੁਦਰਤ ਦਾ ਅਨਮੋਲ ਹਿੱਸਾ ਹਨ। ਉਹ ਸਾਡੇ ਵਾਤਾਵਰਣ ਨੂੰ ਸੁੰਦਰ ਬਣਾਉਂਦੇ ਹਨ, ਸਵੇਰ ਦੀ ਮਿੱਠੀ ਚਹਚਹਾਟ ਨਾਲ ਮਨ ਨੂੰ ਖੁਸ਼ ਕਰਦੇ ਹਨ ਅਤੇ ਪਰਿਆਵਰਨ ਦਾ ਸੰਤੁਲਨ ਬਣਾਈ ਰੱਖਣ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ। ਪਰ ਗਰਮੀਆਂ ਵਿੱਚ ਜਦੋਂ ਧਰਤੀ ਤਪਦੀ ਹੈ, ਰੁੱਖਾਂ ਦੀ ਛਾਂ ਘੱਟ ਹੋ ਜਾਂਦੀ ਹੈ ਅਤੇ ਪਾਣੀ ਦੇ ਸਰੋਤ ਸੁੱਕਣ ਲੱਗਦੇ ਹਨ, ਤਾਂ ਇਹ ਨਿੱਕੇ ਜੀਵ ਜੀਵਨ ਬਚਾਉਣ ਲਈ ਸੰਘਰਸ਼ ਕਰਦੇ ਹਨ।

ਅੱਜ ਦੇ ਸਮੇਂ ਵਿੱਚ ਸ਼ਹਿਰੀਕਰਨ ਅਤੇ ਵਾਤਾਵਰਣ ਦੀ ਅਣਦੇਖੀ ਕਾਰਨ ਪੰਛੀਆਂ ਲਈ ਕੁਦਰਤੀ ਠਿਕਾਣੇ ਘੱਟਦੇ ਜਾ ਰਹੇ ਹਨ। ਰੁੱਖਾਂ ਦੀ ਕਟਾਈ, ਜੰਗਲ ਅਤੇ ਪਾਣੀ ਦੇ ਸਰੋਤਾਂ ਦੀ ਘਾਟ ਅਤੇ ਵਧਦਾ ਪ੍ਰਦੂਸ਼ਣ ਪੰਛੀਆਂ ਦੀ ਜ਼ਿੰਦਗੀ ਲਈ ਵੱਡਾ ਖ਼ਤਰਾ ਬਣ ਰਹੇ ਹਨ। ਪਹਿਲਾਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਘਰਾਂ ਦੇ ਆਲੇ-ਦੁਆਲੇ ਬਹੁਤ ਰੁੱਖ ਹੁੰਦੇ ਸਨ, ਛੱਤਾਂ ਤੇ ਘੋਸਲੇ ਬਣਦੇ ਸਨ ਅਤੇ ਅੰਗਣਾਂ ਵਿੱਚ ਪਾਣੀ ਦੇ ਮਟਕੇ ਰੱਖੇ ਜਾਂਦੇ ਸਨ। ਪਰ ਹੁਣ ਇਹ ਦ੍ਰਿਸ਼ ਘੱਟ ਹੀ ਵੇਖਣ ਨੂੰ ਮਿਲਦਾ ਹੈ। ਇਸ ਲਈ ਗਰਮੀਆਂ ਵਿੱਚ ਪੰਛੀਆਂ ਲਈ ਦਾਣਾ ਅਤੇ ਪਾਣੀ ਸੱਤਾਂ ਤੇ ਰੱਖਣਾ ਸਾਡਾ ਨੈਤਿਕ ਅਤੇ ਮਨੁੱਖੀ ਫਰਜ਼ ਬਣ ਜਾਂਦਾ ਹੈ। ਪੰਛੀਆਂ ਨੂੰ ਵੀ ਜੀਊਣ ਲਈ ਖੁਰਾਕ ਅਤੇ ਪਾਣੀ ਦੀ ਲੋੜ ਹੁੰਦੀ ਹੈ। ਤਿੱਖੀ ਧੁੱਪ ਵਿੱਚ ਉਨ੍ਹਾਂ ਨੂੰ ਦਾਣਾ ਲੱਭਣਾ ਔਖਾ ਹੋ ਜਾਂਦਾ ਹੈ। ਖੇਤਾਂ ਵਿੱਚ ਪਹਿਲਾਂ ਵਾਂਗ ਅਨਾਜ ਨਹੀਂ ਰਹਿੰਦਾ ਅਤੇ ਸ਼ਹਿਰਾਂ ਵਿੱਚ ਤਾਂ ਉਨ੍ਹਾਂ ਲਈ ਖੁਰਾਕ ਦੇ ਸਰੋਤ ਹੋਰ ਵੀ ਘੱਟ ਹਨ। ਇਸੇ ਤਰ੍ਹਾਂ ਪਾਣੀ ਦੇ ਛੋਟੇ-ਛੋਟੇ ਸਰੋਤ ਜਿਵੇਂ ਕਿ ਟੋਭੇ, ਛਪੜ ਅਤੇ ਖੁੱਲ੍ਹੇ ਕੂਏ ਵੀ ਹੁਣ ਬਹੁਤ ਘੱਟ ਰਹਿ ਗਏ ਹਨ। ਇਸ ਕਰਕੇ ਪੰਛੀ ਪਿਆਸ ਨਾਲ ਤੜਫਦੇ ਹਨ। ਕਈ ਵਾਰ ਅਸੀਂ ਗਰਮੀ ਵਿੱਚ ਛੱਤਾਂ ਜਾਂ ਸੜਕਾਂ ਦੇ ਨੇੜੇ ਮਰੇ ਹੋਏ ਪੰਛੀ ਵੇਖਦੇ ਹਾਂ, ਜਿਨ੍ਹਾਂ ਦੀ ਮੌਤ ਦਾ ਇੱਕ ਵੱਡਾ ਕਾਰਨ ਪਾਣੀ ਦੀ ਕਮੀ ਹੁੰਦੀ ਹੈ।

ਜੇ ਅਸੀਂ ਆਪਣੇ ਘਰ ਦੀ ਛੱਤ, ਬਾਲਕਨੀ, ਅੰਗਣ ਜਾਂ ਖਿੜਕੀ ਦੇ ਕੋਲ ਇੱਕ ਮਿੱਟੀ ਦੇ ਬਰਤਨ ਵਿੱਚ ਪਾਣੀ ਰੱਖ ਦੇਈਏ ਅਤੇ ਕੁਝ ਦਾਣਾ ਜਿਵੇਂ ਚੌਲ, ਬਾਜਰਾ, ਜਵਾਰ ਜਾਂ ਗੰਹੂ ਦੇ ਦਾਣੇ ਛਿੜਕ ਦੇਈਏ, ਤਾਂ ਇਹ ਪੰਛੀਆਂ ਲਈ ਜੀਵਨਦਾਨ ਸਾਬਤ ਹੋ ਸਕਦਾ ਹੈ। ਇੱਕ ਛੋਟਾ ਜਿਹਾ ਉਪਰਾਲਾ ਕਈ ਜਿੰਦਗੀਆਂ ਬਚਾ ਸਕਦਾ ਹੈ। ਇਹ ਕੰਮ ਬਹੁਤ ਆਸਾਨ ਹੈ ਅਤੇ ਇਸ ਲਈ ਨਾ ਵੱਡੇ ਖਰਚ ਦੀ ਲੋੜ ਹੈ ਅਤੇ ਨਾ ਹੀ ਵੱਡੀ ਮਿਹਨਤ ਦੀ। ਸਿਰਫ਼ ਇੱਕ ਛੋਟੀ ਜਿਹੀ ਸੋਚ ਅਤੇ ਦਇਆ ਦੀ ਲੋੜ ਹੈ। ਪੰਛੀਆਂ ਲਈ ਪਾਣੀ ਰੱਖਣ ਸਮੇਂ ਇਹ ਵੀ ਧਿਆਨ ਰੱਖਣਾ ਚਾਹੀਦਾ ਹੈ ਕਿ ਬਰਤਨ ਸਾਫ਼ ਹੋਵੇ ਅਤੇ ਪਾਣੀ ਰੋਜ਼ ਬਦਲਿਆ ਜਾਵੇ। ਗੰਦਾ ਪਾਣੀ ਬਿਮਾਰੀਆਂ ਦਾ ਕਾਰਨ ਬਣ ਸਕਦਾ ਹੈ। ਮਿੱਟੀ ਦੇ ਬਰਤਨ ਵਿੱਚ ਪਾਣੀ ਜ਼ਿਆਦਾ ਸਮੇਂ ਤੱਕ ਠੰਢਾ ਰਹਿੰਦਾ ਹੈ, ਇਸ ਲਈ ਮਿੱਟੀ ਦੇ ਬਰਤਨਾਂ ਵਿੱਚ ਹੀ ਪਾਣੀ ਰੱਖਣਾ ਚਾਹੀਦਾ। ਇਸੇ ਤਰ੍ਹਾਂ ਦਾਣਾ ਵੀ ਸਾਫ਼ ਅਤੇ ਸੁੱਕੀ ਥਾਂ ਤੇ ਰੱਖਣਾ ਚਾਹੀਦਾ ਹੈ ਤਾਂ ਜੋ ਪੰਛੀਆਂ ਨੂੰ ਕੋਈ ਨੁਕਸਾਨ ਨਾ ਹੋਵੇ।

ਇਹ ਕੰਮ ਸਿਰਫ਼ ਦਇਆ ਹੀ ਨਹੀਂ, ਸਗੋਂ ਸਾਡੇ ਸੰਸਕਾਰਾਂ ਅਤੇ ਸੱਭਿਆਚਾਰ ਦਾ ਵੀ ਹਿੱਸਾ ਹੈ। ਪੰਜਾਬੀ ਸੱਭਿਆਚਾਰ ਵਿੱਚ ਜੀਵਾਂ ਨਾਲ ਪਿਆਰ ਅਤੇ ਸੇਵਾ ਦੀ ਭਾਵਨਾ ਹਮੇਸ਼ਾਂ ਤੋਂ ਰਹੀ ਹੈ। ਸਾਡੇ ਵੱਡੇ ਬਜ਼ੁਰਗ ਘਰਾਂ ਦੇ ਬਾਹਰ ਪੰਛੀਆਂ ਲਈ ਦਾਣਾ ਪਾਉਂਦੇ ਸਨ ਅਤੇ ਪਾਣੀ ਦੇ ਘੜੇ ਰੱਖਦੇ ਸਨ। ਉਹ ਮੰਨਦੇ ਸਨ ਕਿ ਜੀਵਾਂ ਦੀ ਸੇਵਾ ਕਰਨਾ ਸਭ ਤੋਂ ਵੱਡਾ ਪੁੰਨ ਹੈ। ਗੁਰਬਾਣੀ ਵੀ ਸਾਨੂੰ ਸਭ ਜੀਵਾਂ ਨਾਲ ਪਿਆਰ ਕਰਨ ਦੀ ਸਿੱਖਿਆ ਦਿੰਦੀ ਹੈ। "ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ" ਦੇ ਉਪਦੇਸ਼ ਅਨੁਸਾਰ ਕੁਦਰਤ ਅਤੇ ਜੀਵਾਂ ਦੀ ਸੰਭਾਲ ਸਾਡਾ ਧਾਰਮਿਕ ਕਰਤਵ ਵੀ ਹੈ। ਬੱਚਿਆਂ ਵਿੱਚ ਵੀ ਇਹ ਆਦਤ ਪੈਦਾ ਕਰਨੀ ਚਾਹੀਦੀ ਹੈ ਕਿ ਉਹ ਪੰਛੀਆਂ ਲਈ ਦਾਣਾ ਅਤੇ ਪਾਣੀ ਰੱਖਣ। ਜਦੋਂ ਬੱਚੇ ਛੋਟੀ ਉਮਰ ਤੋਂ ਹੀ ਜੀਵਾਂ ਨਾਲ ਪਿਆਰ ਕਰਨਾ ਸਿੱਖਦੇ ਹਨ, ਤਾਂ ਉਹ ਵੱਡੇ ਹੋ ਕੇ ਸੰਵੇਦਨਸ਼ੀਲ ਅਤੇ ਜ਼ਿੰਮੇਵਾਰ ਨਾਗਰਿਕ ਬਣਦੇ ਹਨ। ਸਕੂਲਾਂ ਵਿੱਚ ਵੀ ਇਸ ਸੰਬੰਧੀ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣੀਆਂ ਚਾਹੀਦੀਆਂ ਹਨ। ਅਧਿਆਪਕਾਂ ਨੂੰ ਚਾਹੀਦਾ ਹੈ ਕਿ ਉਹ ਵਿਦਿਆਰਥੀਆਂ ਨੂੰ ਗਰਮੀਆਂ ਵਿੱਚ ਪੰਛੀਆਂ ਦੀ ਸਹਾਇਤਾ ਕਰਨ ਲਈ ਪ੍ਰੇਰਿਤ ਕਰਨ। ਸਮਾਜਿਕ ਸੰਸਥਾਵਾਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਵੀ ਇਸ ਕੰਮ ਵਿੱਚ ਵੱਡਾ ਯੋਗਦਾਨ ਪਾ ਸਕਦੀਆਂ ਹਨ।

ਅੱਜਕੱਲ੍ਹ ਕਈ ਲੋਕ ਸਮਾਜਿਕ ਮੀਡੀਆ ਰਾਹੀਂ ਵੀ " ਪੰਛੀ ਬਚਾਓ ਮੁਹਿੰਮ" ਚਲਾ ਰਹੇ ਹਨ, ਜਿਸ ਦਾ ਉਦੇਸ਼ ਲੋਕਾਂ ਨੂੰ ਪੰਛੀਆਂ ਲਈ ਪਾਣੀ ਅਤੇ ਦਾਣਾ ਰੱਖਣ ਲਈ ਪ੍ਰੇਰਿਤ ਕਰਨਾ ਹੈ। ਇਹ ਇੱਕ ਬਹੁਤ ਹੀ ਸ਼ਲਾਘਾਯੋਗ ਯਤਨ ਹੈ। ਜੇ ਹਰ ਘਰ ਇੱਕ-ਇੱਕ ਬਰਤਨ ਪਾਣੀ ਪੰਛੀਆਂ ਲਈ ਰੱਖਿਆ ਜਾਵੇ, ਤਾਂ ਅਣਗਿਣਤ ਪੰਛੀਆਂ ਦੀ ਜ਼ਿੰਦਗੀ ਬਚ ਸਕਦੀ ਹੈ। ਇਹ ਸਿਰਫ਼ ਇੱਕ ਦਿਨ ਦਾ ਕੰਮ ਨਹੀਂ, ਸਗੋਂ ਪੂਰੀ ਗਰਮੀ ਦੌਰਾਨ ਲਗਾਤਾਰ ਕਰਨ ਵਾਲਾ ਸੇਵਾ ਕਾਰਜ ਹੈ।

ਪੰਛੀਆਂ ਦੀ ਮੌਜੂਦਗੀ ਪਰਿਆਵਰਨ ਲਈ ਵੀ ਬਹੁਤ ਜ਼ਰੂਰੀ ਹੈ। ਉਹ ਕੀੜੇ-ਮਕੌੜੇ ਖਾ ਕੇ ਫਸਲਾਂ ਦੀ ਰੱਖਿਆ ਕਰਦੇ ਹਨ, ਬੀਜ ਫੈਲਾ ਕੇ ਨਵੇਂ ਰੁੱਖ ਉਗਾਉਣ ਵਿੱਚ ਮਦਦ ਕਰਦੇ ਹਨ ਅਤੇ ਕੁਦਰਤੀ ਸੰਤੁਲਨ ਬਣਾਈ ਰੱਖਦੇ ਹਨ। ਜੇ ਪੰਛੀਆਂ ਦੀ ਗਿਣਤੀ ਘਟਦੀ ਗਈ, ਤਾਂ ਇਸ ਦਾ ਨੁਕਸਾਨ ਮਨੁੱਖ ਨੂੰ ਵੀ ਝੱਲਣਾ ਪਵੇਗਾ। ਇਸ ਲਈ ਪੰਛੀਆਂ ਦੀ ਰੱਖਿਆ ਕਰਨਾ ਅਸਲ ਵਿੱਚ ਆਪਣੇ ਭਵਿੱਖ ਦੀ ਰੱਖਿਆ ਕਰਨਾ ਹੈ। ਕਈ ਵਾਰ ਲੋਕ ਸੋਚਦੇ ਹਨ ਕਿ ਇੱਕ ਵਿਅਕਤੀ ਦੇ ਛੋਟੇ ਜਿਹੇ ਯਤਨ ਨਾਲ ਕੀ ਫ਼ਰਕ ਪਵੇਗਾ, ਪਰ ਅਸਲ ਵਿੱਚ ਹਰ ਵੱਡਾ ਬਦਲਾਅ ਇੱਕ ਛੋਟੀ ਸ਼ੁਰੂਆਤ ਨਾਲ ਹੀ ਹੁੰਦਾ ਹੈ। ਜੇ ਇੱਕ ਘਰ ਪਾਣੀ ਰੱਖਦਾ ਹੈ, ਫਿਰ ਦੂਜਾ ਅਤੇ ਫਿਰ ਪੂਰਾ ਮੁਹੱਲਾ, ਤਾਂ ਇਹ ਇੱਕ ਵੱਡੀ ਲਹਿਰ ਬਣ ਸਕਦੀ ਹੈ। ਸਮਾਜ ਦੀ ਭਲਾਈ ਲਈ ਅਜਿਹੇ ਹੀ ਛੋਟੇ-ਛੋਟੇ ਕੰਮ ਮਹੱਤਵਪੂਰਨ ਹੁੰਦੇ ਹਨ। ਸਾਨੂੰ ਇਹ ਵੀ ਸਮਝਣਾ ਚਾਹੀਦਾ ਹੈ ਕਿ ਧਰਤੀ ਸਿਰਫ਼ ਮਨੁੱਖਾਂ ਦੀ ਨਹੀਂ, ਸਗੋਂ ਹਰ ਜੀਵ ਦਾ ਸਾਂਝਾ ਘਰ ਹੈ। ਪੰਛੀ ਵੀ ਇਸ ਧਰਤੀ ਦੇ ਹੱਕਦਾਰ ਹਨ। ਉਨ੍ਹਾਂ ਦੀ ਸੁਰੱਖਿਆ ਅਤੇ ਜੀਵਨ ਦੀ ਜ਼ਿੰਮੇਵਾਰੀ ਵੀ ਸਾਡੇ ਉੱਤੇ ਹੈ। ਜਦੋਂ ਅਸੀਂ ਇੱਕ ਪਿਆਸੇ ਪੰਛੀ ਨੂੰ ਪਾਣੀ ਪੀਂਦੇ ਵੇਖਦੇ ਹਾਂ ਜਾਂ ਇੱਕ ਭੁੱਖੇ ਪੰਛੀ ਨੂੰ ਦਾਣਾ ਚੁਗਦੇ ਵੇਖਦੇ ਹਾਂ, ਤਾਂ ਮਨ ਵਿੱਚ ਇੱਕ ਅਲੱਗ ਹੀ ਖੁਸ਼ੀ ਅਤੇ ਸੰਤੋਖ ਪੈਦਾ ਹੁੰਦਾ ਹੈ। ਇਹ ਖੁਸ਼ੀ ਕਿਸੇ ਵੀ ਧਨ-ਦੌਲਤ ਨਾਲ ਨਹੀਂ ਮਿਲ ਸਕਦੀ। ਅੰਤ ਵਿੱਚ ਇਹੀ ਕਿਹਾ ਜਾ ਸਕਦਾ ਹੈ ਕਿ ਗਰਮੀਆਂ ਵਿੱਚ ਪੰਛੀਆਂ ਲਈ ਦਾਣਾ ਅਤੇ ਪਾਣੀ ਸੱਤਾਂ ਤੇ ਰੱਖਣਾ ਇੱਕ ਛੋਟਾ ਜਿਹਾ ਕੰਮ ਹੈ, ਪਰ ਇਸ ਦਾ ਮਹੱਤਵ ਬਹੁਤ ਵੱਡਾ ਹੈ। ਇਹ ਮਨੁੱਖਤਾ, ਦਇਆ, ਸੇਵਾ ਅਤੇ ਕੁਦਰਤ ਨਾਲ ਪਿਆਰ ਦਾ ਪ੍ਰਤੀਕ ਹੈ। ਸਾਨੂੰ ਆਪਣੇ ਘਰਾਂ, ਸਕੂਲਾਂ, ਦਫ਼ਤਰਾਂ ਅਤੇ ਜਨਤਕ ਥਾਵਾਂ ਤੇ ਪੰਛੀਆਂ ਲਈ ਪਾਣੀ ਅਤੇ ਦਾਣੇ ਦਾ ਪ੍ਰਬੰਧ ਜ਼ਰੂਰ ਕਰਨਾ ਚਾਹੀਦਾ ਹੈ। ਇਹ ਸਿਰਫ਼ ਪੰਛੀਆਂ ਦੀ ਮਦਦ ਨਹੀਂ, ਸਗੋਂ ਆਪਣੇ ਮਨੁੱਖ ਹੋਣ ਦੀ ਸੱਚੀ ਪਹਿਚਾਣ ਵੀ ਹੈ। ਜੇ ਅਸੀਂ ਹਰ ਗਰਮੀ ਵਿੱਚ ਇਹ ਸੰਕਲਪ ਕਰੀਏ ਕਿ ਕੋਈ ਵੀ ਪੰਛੀ ਪਿਆਸਾ ਨਾ ਰਹੇ, ਤਾਂ ਇਹ ਧਰਤੀ ਹੋਰ ਵੀ ਸੁੰਦਰ, ਜੀਵੰਤ ਅਤੇ ਦਇਆਭਰੀ ਬਣ ਸਕਦੀ ਹੈ।

**-ਦਵਿੰਦਰਪਾਲ ਸਿੰਘ ਹਮੀਦੀ**

## ਵੈਬ ਸੀਰੀਜ਼ ਵਿਵਾਦ ਮਾਮਲਾ

# ਚੰਡੀਗੜ੍ਹ ਦੀ ਜ਼ਿਲ੍ਹਾ ਅਦਾਲਤ ਨੇ ਯੋਗਰਾਜ ਸਿੰਘ ਦੀ ਅਗਾਊਂ ਜ਼ਮਾਨਤ ਕੀਤੀ ਖ਼ਾਰਜ

**ਚੰਡੀਗੜ੍ਹ, 26 ਮਈ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਕ੍ਰਿਕਟਰ ਯੁਵਰਾਜ ਸਿੰਘ ਦੇ ਪਿਤਾ ਅਤੇ ਅਦਾਕਾਰ ਯੋਗਰਾਜ ਸਿੰਘ ਨੂੰ ਔਰਤਾਂ ਖਿਲਾਫ ਕਥਿਤ ਅਪਮਾਨਜਨਕ ਟਿੱਪਣੀਆਂ ਦੇ ਮਾਮਲੇ ਵਿੱਚ ਵੱਡਾ ਝਟਕਾ ਲੱਗਾ ਹੈ। ਦੱਸ ਦਈਏ ਕਿ ਚੰਡੀਗੜ੍ਹ ਜ਼ਿਲ੍ਹਾ ਅਦਾਲਤ ਨੇ ਉਨ੍ਹਾਂ ਦੀ ਅਗਾਊਂ ਜ਼ਮਾਨਤ ਪਟੀਸ਼ਨ ਰੱਦ ਕਰ ਦਿੱਤੀ ਹੈ। ਦੱਸ ਦਈਏ ਕਿ ਇਹ ਮਾਮਲਾ ਵੈੱਬ ਸੀਰੀਜ਼ ਲੁੱਖੇ ਦੇ ਇੱਕ ਵਾਇਰਲ ਵੀਡੀਓ ਕਲਿੱਪ ਨਾਲ ਸਬੰਧਤ ਹੈ, ਜਿਸ ਵਿੱਚ ਯੋਗਰਾਜ ਸਿੰਘ ਦੇ ਕਿਰਦਾਰ ਨੇ ਔਰਤਾਂ ਖਿਲਾਫ ਕਥਿਤ ਤੌਰ 'ਤੇ ਅਪਮਾਨਜਨਕ ਭਾਸ਼ਾ ਦੀ ਵਰਤੋਂ ਕੀਤੀ ਹੈ। ਚੰਡੀਗੜ੍ਹ ਦੇ ਦੋ ਵਕੀਲਾਂ, ਉੱਜਵਲ ਭਸੀਨ ਅਤੇ ਜਤਿਨ ਵਰਮਾ ਨੇ ਇਸ ਮਾਮਲੇ ਸਬੰਧੀ ਐਸਐਸਪੀ ਕੋਲ ਸ਼ਿਕਾਇਤ ਦਰਜ ਕਰਵਾਈ। ਸ਼ਿਕਾਇਤ ਵਿੱਚ ਕਿਹਾ ਗਿਆ ਹੈ ਕਿ 17 ਸਕਿੰਟ ਦੀ ਇੱਕ ਵੀਡੀਓ ਕਲਿੱਪ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਹੈ, ਜਿਸ ਵਿੱਚ ਔਰਤਾਂ ਵਿਰੁੱਧ ਅਸ਼ਲੀਲ ਅਤੇ ਅਪਮਾਨਜਨਕ ਭਾਸ਼ਾ ਦੀ ਵਰਤੋਂ ਕੀਤੀ ਗਈ ਹੈ। ਇਹ ਵੀਡੀਓ 8 ਮਈ, 2026 ਨੂੰ ਐਮਾਜ਼ਾਨ ਪ੍ਰਾਈਮ ਵੀਡੀਓ 'ਤੇ ਰਿਲੀਜ਼ ਹੋਈ ਹਿੰਦੀ ਵੈੱਬ ਸੀਰੀਜ਼ ਲੁੱਖੇ ਦੇ ਇੱਕ ਐਪੀਸੋਡ ਦਾ ਹਿੱਸਾ ਦੱਸਿਆ ਜਾ ਰਿਹਾ ਹੈ। ਸ਼ਿਕਾਇਤਕਰਤਾਵਾਂ ਨੇ ਕਿਹਾ ਕਿ ਅਜਿਹੀ ਭਾਸ਼ਾ ਔਰਤਾਂ ਦੀ ਸ਼ਾਨ ਅਤੇ ਸਤਿਕਾਰ 'ਤੇ ਸਿੱਧਾ ਹਮਲਾ ਹੈ।

# ਨਿਗਮ ਚੋਣਾਂ ਵਿੱਚ ਹੋ ਰਹੀ ਹਿੰਸਾ ਸਰਕਾਰ ਦੀ ਨਾਕਾਮੀ ਦਾ ਸਬੂਤ- ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 26 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਹੈ ਕਿ ਨਿਗਮ ਚੋਣਾਂ ਦੌਰਾਨ ਹੋ ਰਹੀ ਹਿੰਸਾ ਸਾਬਤ ਕਰਦੀ ਹੈ ਕਿ ਅਮਨ ਕਾਨੂੰਨ ਦੀ ਰਾਖੀ ਕਰਨ ਵਾਲੀ ਸਰਕਾਰ ਖੁਦ ਹੀ ਗੁੰਡਾ ਗਰਦੀ 'ਤੇ ਉਤਰ ਆਈ ਹੈ। ਯੂਪੀ-ਬਿਹਾਰ ਵਾਂਗ ਗੋਲੀਆਂ, ਲਾਠੀਆਂ ਨਾਲ ਬੂਥ ਕੈਪਚਰਿੰਗ ਹੋ ਰਹੀ ਹੈ ਅਤੇ ਅਮਨ ਕਾਨੂੰਨ ਲਈ ਜਿੰਮੇਵਾਰ ਪੁਲਿਸ ਮੂਕ ਦਰਸ਼ਕ ਬਣੀ ਹੋਈ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸਮਾਣਾ ਵਿਖੇ ਪੁਲਿਸ ਅਤੇ ਲੋਕਾਂ ਵਿਚਾਲੇ ਹੋਈ ਝੜਪ ਦੇ ਦ੍ਰਿਸ਼ ਬੇਹੱਦ ਚਿੰਤਾਜਨਕ ਹਨ। ਇਹ ਘਟਨਾਵਾਂ ਪੰਜਾਬ ਵਿੱਚ ਚੋਣਾਂ ਦੌਰਾਨ ਬਣ ਰਹੇ ਡਰ ਅਤੇ ਧੱਕੇਸ਼ਾਹੀ ਦੇ ਮਾਹੌਲ ਨੂੰ ਬੇਨਕਾਬ ਕਰਦੀਆਂ ਹਨ। ਚੋਣਾਂ ਵਿੱਚ ਭਗਵੰਤ ਮਾਨ ਸਰਕਾਰ ਦੀ ਸ਼ਿਹ 'ਤੇ ਗੁੰਡਾਗਰਦੀ ਦੀਆਂ ਤਸਵੀਰਾਂ ਲਗਾਤਾਰ ਸਾਹਮਣੇ ਆ ਰਹੀਆਂ ਹਨ। ਸਵਾਲ ਇਹ ਹੈ ਕਿ ਪੁਲਿਸ ਲੋਕਾਂ ਦੀ ਸੁਰੱਖਿਆ ਅਤੇ ਸ਼ਾਂਤਮਈ ਚੋਣਾਂ ਕਰਵਾਉਣ ਲਈ ਹੈ ਜਾਂ ਲੋਕਾਂ 'ਤੇ ਤਸ਼ੱਦਦ ਕਰਕੇ ਦਹਿਸ਼ਤ ਦਾ ਮਾਹੌਲ ਬਣਾਉਣ ਲਈ? ਜੇ ਚੋਣਾਂ ਦੌਰਾਨ ਪੁਲਿਸ ਵੱਲੋਂ ਏਕੇ-47 ਰਾਈਫਲ ਵਰਗੇ ਹਥਿਆਰਾਂ ਨਾਲ ਫਾਇਰਿੰਗ, ਲਾਠੀਚਾਰਜ ਅਤੇ ਰੋੜੇਬਾਜ਼ੀ ਦੀਆਂ ਤਸਵੀਰਾਂ ਸਾਹਮਣੇ ਆ ਰਹੀਆਂ ਹਨ ਤਾਂ ਇਹ ਲੋਕਤੰਤਰ ਲਈ ਬਹੁਤ ਗੰਭੀਰ ਖਤਰੇ ਦੇ ਸੰਕੇਤ ਹਨ। ਉਹਨਾਂ ਕਿਹਾ ਕਿ ਵੋਟ ਪਾਉਣ ਆ ਰਹੇ ਲੋਕਾਂ ਨੂੰ ਸੁਰੱਖਿਆ ਅਤੇ ਭਰੋਸਾ ਮਿਲਣਾ ਚਾਹੀਦਾ ਹੈ, ਨਾ ਕਿ ਡਰ, ਗੋਲੀਆਂ ਅਤੇ ਡੰਡੇ। ਮਲੋਟ ਤੋਂ ਵੀ ਅਜਿਹੀਆਂ ਖਬਰਾਂ ਆ ਰਹੀਆਂ ਹਨ। ਇਹ ਜਿੰਮੇਵਾਰੀ ਸਰਕਾਰ ਦੀ ਹੁੰਦੀ ਹੈ ਕਿ ਉਹ ਡਰ ਦਾ ਮਾਹੌਲ ਖਤਮ ਕਰੇ। ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਪ੍ਰੈੱਸ ਦੇ ਨਾਂ ਜਾਰੀ ਕੀਤਾ ਗਿਆ।

# ਸਰਨਾ ਨੇ ਸੀਬੀਆਈ ਨੂੰ ਕੀਤਾ ਸਵਾਲ ਭਾਈ ਹਵਾਰਾ ਲਈ ਵਿਰੋਧ 'ਤੇ ਰਾਮ ਰਹੀਮ ਲਈ ਰਾਹਤ ਕਿਉਂ ?



ਨਵੀਂ ਦਿੱਲੀ, 26 ਮਈ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਸੀਬੀਆਈ ਦੇ ਡਾਇਰੈਕਟਰ ਪ੍ਰਵੀਣ ਸੂਦ ਨਾਲ ਮੁਲਾਕਾਤ ਲਈ ਸਮਾਂ ਮੰਗਿਆ ਹੈ। ਸਰਨਾ ਨੇ ਭਾਈ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਦਾ ਵਿਰੋਧ ਕਰਨ ਅਤੇ ਦੂਜੇ ਪਾਸੇ ਡੇਰਾ ਮੁਖੀ ਗੁਰਮੀਤ ਰਾਮ ਰਹੀਮ ਸਿੰਘ ਨੂੰ ਵਾਰ-ਵਾਰ ਪੈਰੋਲ ਮਿਲਣ 'ਤੇ ਸਵਾਲ ਖੜ੍ਹੇ ਕੀਤੇ ਹਨ। ਸੀਬੀਆਈ ਡਾਇਰੈਕਟਰ ਨੂੰ ਲਿਖੇ ਪੱਤਰ ਵਿੱਚ ਸਰਨਾ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਭਾਈ ਹਵਾਰਾ ਦੀ ਪੈਰੋਲ ਦਾ ਵਿਰੋਧ ਕਰਨ ਨਾਲ ਸਿੱਖ ਭਾਈਚਾਰੇ ਵਿੱਚ ਗੰਭੀਰ ਚਿੰਤਾ ਪੈਦਾ ਹੋਈ ਹੈ। ਉਨ੍ਹਾਂ ਕਿਹਾ ਕਿ ਰਾਮ ਰਹੀਮ, ਜੋ ਬਲਾਤਕਾਰ ਮਾਮਲੇ ਵਿੱਚ 20 ਸਾਲ ਦੀ ਸਜ਼ਾ ਕੱਟ ਰਿਹਾ ਹੈ, ਨੂੰ 2017 ਤੋਂ ਹੁਣ ਤੱਕ 16 ਵਾਰ ਪੈਰੋਲ ਜਾਂ ਫਰਲੋ ਮਿਲ ਚੁੱਕੀ ਹੈ ਅਤੇ ਉਹ ਮੁੜ 30 ਦਿਨਾਂ ਦੀ ਪੈਰੋਲ 'ਤੇ ਜੇਲ੍ਹ ਤੋਂ ਬਾਹਰ ਆਇਆ ਹੈ। ਸਰਨਾ ਨੇ ਕਿਹਾ ਕਿ ਇਕ ਪਾਸੇ ਗੰਭੀਰ ਅਪਰਾਧਾਂ ਵਿੱਚ ਦੋਸ਼ੀ ਕਰਾਰ ਦਿੱਤੇ ਵਿਅਕਤੀ ਨੂੰ ਵਾਰ-ਵਾਰ ਰਾਹਤ ਮਿਲ ਰਹੀ ਹੈ, ਜਦਕਿ ਭਾਈ ਜਗਤਾਰ ਸਿੰਘ ਹਵਾਰਾ ਦੇ ਮਾਮਲੇ ਵਿੱਚ ਪੈਰੋਲ ਦਾ ਵਿਰੋਧ ਕੀਤਾ ਜਾ ਰਿਹਾ ਹੈ। ਇਸ ਨਾਲ ਕਾਨੂੰਨੀ ਮਾਪਦੰਡਾਂ ਦੇ ਚੁਣਿੰਦੇ ਤਰੀਕੇ ਨਾਲ ਲਾਗੂ ਹੋਣ ਦੀ ਧਾਰਣਾ ਮਜ਼ਬੂਤ ਹੋ ਰਹੀ ਹੈ ਅਤੇ ਸਿੱਖਾਂ ਵਿੱਚ ਨਾਰਾਜ਼ਗੀ ਵਧ ਰਹੀ ਹੈ। ਸਰਨਾ ਨੇ ਆਪਣੇ ਸਾਥੀਆਂ ਦੇ ਵਫ਼ਦ ਸਮੇਤ ਸੀਬੀਆਈ ਡਾਇਰੈਕਟਰ ਨਾਲ ਮੁਲਾਕਾਤ ਕਰਕੇ ਇਸ ਮਾਮਲੇ 'ਚ ਸਪਸ਼ਟੀਕਰਨ ਮੰਗਣ ਦੀ ਗੱਲ ਕਹੀ ਹੈ।

# ਬੀਜੇਪੀ ਦੀ ਸਰਕਾਰ ਆਉਣ ਤੇ ਗੁੰਡਾ ਅਨਸਰਾਂ ਨੂੰ ਬਖ਼ਿਸ਼ਆ ਨਹੀਂ ਜਾਵੇਗਾ-ਬਿੱਟੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਪ੍ਰੋ ਓਂਕਾਰ ਸਿੰਘ ਸਿੱਧੂ ਦੀ ਧੂਰੀ ਵਿਖੇ ਮਿਉਂਸਪਲ ਕਮੇਟੀ ਚੋਣਾਂ ਦੌਰਾਨ ਉਹਨਾਂ ਨੂੰ ਸਵੇਰੇ ਹੀ ਪੁਲਿਸ ਵੱਲੋਂ ਗਿਰਫਤਾਰ ਕਰਕੇ ਰਿਆਸਤ ਵਿੱਚ ਲਿਆ ਗਿਆ। ਜਿਸ ਦੇ ਰੋਸ ਵਜੋਂ ਕੇਂਦਰ ਦੇ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਧੂਰੀ ਦੇ ਬਾਹਰ ਰਹਿ ਕੇ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਪ੍ਰੋਫੈਸਰ ਓਕਾਰ ਸਿੰਘ ਸਿੱਧੂ ਨੂੰ ਛੱਡਣ ਦੀ ਮੰਗ ਕੀਤੀ ਜਾ ਰਹੀ ਸੀ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕੇਂਦਰੀ ਮੰਤਰੀ ਬਿੱਟੂ ਨੇ ਕਿਹਾ ਕਿ ਮਿਉਸਪਲ ਕਮੇਟੀ ਦੀਆਂ ਚੋਣਾਂ ਵਿੱਚ ਸਰਕਾਰ ਦੀ ਗੁੰਡਾਗਰਦੀ ਨੂੰ ਕਦੇ ਵੀ ਬਰਦਾਸਤ ਨਹੀਂ ਕੀਤਾ ਜਾਵੇਗਾ, ਜਿੰਨਾਂ ਪੁਲਿਸ ਅਫਸਰਾਂ ਨੇ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਉੱਪਰ ਤਸੱਦਦ ਕੀਤਾ ਹੈ, ਉਹਨਾਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਜਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ ਸੰਗਰੂਰ, ਬੀਜੇਪੀ ਦੇ ਸੀਨੀਅਰ ਆਗੂ ਰਣਦੀਪ ਸਿੰਘ ਦਿਓਲ , ਮੰਡਲ ਪ੍ਰਧਾਨ ਆਸ਼ੀਸ਼ ਗਰਗ, ਪ੍ਰਦੀਪ ਗਰਗ, ਭੁਪੇਸ਼ ਜਿੰਦਲ, ਬ੍ਰਿਜੇਸਵਰ ਗੋਇਲ, ਜਗਦੇਵ ਜਿੰਦਲ ਜੱਗਾ, ਕ੍ਰਿਸਨ ਗੋਪਾਲ ਨੀਲੂ ਮਿੱਤਲ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243